ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 31 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੧੭ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਸ਼ਰਮਸਾਰ, ਕਿੱਥੇ ਸੁਰੱਖਿਅਤ ਨੇ ਧੀਆਂ

**ਫਰੀਦਕੋਟ, 30 ਮਈ (ਆਵਾਜ਼ਿ ਕੌਮ ਬਿਊਰੋ)**- ਜ਼ਿਲ੍ਹਾ ਫਰੀਦਕੋਟ ਦੇ ਇਕ ਇਲਾਕੇ ਵਿਚ ਪੈਂਦੇ ਸਕੂਲ ਵੈਨ ਦੇ ਡਰਾਈਵਰ ਖ਼ਿਲਾਫ਼ 11 ਸਾਲਾ ਵਿਦਿਆਰਥਣ ਨਾਲ ਜਬਰ-ਜ਼ਿਨਾਹ ਕਰਨ ਦੇ ਦੋਸ਼ ਹੇਠ ਪੋਕਸੋ ਐਕਟ ਅਤੇ ਭਾਰਤੀ ਨਿਆਂ ਸੰਹਿਤਾ (ਬੀ.ਐਨ.ਐਸ.) ਦੀਆਂ ਸਖ਼ਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਪੁਲਸ ਨੇ ਸ਼ਿਕਾਇਤ ਮਿਲਣ ਤੋਂ ਬਾਅਦ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਪੁਲਸ ਕੋਲ ਦਰਜ ਕਰਵਾਈ ਸ਼ਿਕਾਇਤ ਵਿਚ ਪੀੜਤ ਬੱਚੀ ਦੀ ਮਾਤਾ ਨੇ ਦੱਸਿਆ ਕਿ ਉਸ ਦੀ 11 ਸਾਲਾ ਧੀ ਸੱਤਵੀਂ ਜਮਾਤ ਵਿਚ ਪੜ੍ਹਦੀ ਹੈ ਅਤੇ ਆਪਣੀ ਛੋਟੀ ਭੈਣ ਨਾਲ ਨੇੜਲੇ ਪਿੰਡ ਦੇ ਹੀ ਇਕ ਸਕੂਲ ਵਿਖੇ ਪੜ੍ਹਨ ਜਾਂਦੀ ਹੈ। ਦੋਵੇਂ ਬੱਚੀਆਂ ਸਕੂਲ ਵੱਲੋਂ ਚਲਾਈ ਜਾ ਰਹੀ ਵੈਨ ਰਾਹੀਂ ਆਉਣ-ਜਾਣ ਕਰਦੀਆਂ ਹਨ। ਸ਼ਿਕਾਇਤ ਅਨੁਸਾਰ 3 ਮਾਰਚ 2026 ਨੂੰ ਸਕੂਲ ਦੀ ਛੁੱਟੀ ਤੋਂ ਬਾਅਦ ਵੈਨ ਡਰਾਈਵਰ ਬੱਚਿਆਂ ਨੂੰ ਹੋਲੀ ਖੇਡਣ ਦਾ ਲਾਲਚ ਦੇ ਕੇ ਆਪਣੇ ਘਰ ਲੈ ਗਿਆ। ਦੋਸ਼ ਹੈ ਕਿ ਉਸ ਨੇ ਹੋਰ ਬੱਚਿਆਂ ਨੂੰ ਘਰ ਦੇ ਬਾਹਰ ਖੇਡਣ ਲਈ ਭੇਜ ਦਿੱਤਾ, ਜਦਕਿ ਨਾਬਾਲਗ ਲੜਕੀ ਨੂੰ ਘਰ ਅੰਦਰ ਇਕ ਕਮਰੇ ਵਿਚ ਲੈ ਜਾ ਕੇ ਉਸ ਨਾਲ ਜ਼ਬਰਦਸਤੀ ਸਰੀਰਕ ਸ਼ੋਸ਼ਣ ਕੀਤਾ। ਪਰਿਵਾਰ ਨੂੰ ਘਟਨਾ ਬਾਰੇ ਜਾਣਕਾਰੀ ਮਿਲਣ ਉਪਰੰਤ ਮਾਮਲੇ ਦੀ ਸ਼ਿਕਾਇਤ ਪੁਲਸ ਕੋਲ ਕੀਤੀ ਗਈ। ਇਸ ਤੋਂ ਬਾਅਦ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮ ਖ਼ਿਲਾਫ਼ ਪੋਕਸੋ ਐਕਟ ਅਤੇ ਬੀ.ਐੱਨ.ਐੱਸ. ਦੀਆਂ ਸਬੰਧਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਅਤੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਘਰਾਂ 'ਤੇ ਅਚਾਨਕ ਡਿੱਗਿਆ ਉੱਚਾ ਟਾਵਰ, ਲੋਕਾਂ ਨੂੰ ਪਈਆਂ ਭਾਜੜਾਂ

# ਪੰਜਾਬ 'ਚ ਤੂਫ਼ਾਨ ਨੇ ਮਚਾਈ ਤਬਾਹੀ

**ਅਬੋਹਰ/ਫਾਜ਼ਿਲਕਾ, 30 ਮਈ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਅੱਜ ਤੜਕੇ ਤੋਂ ਹੀ ਮੌਸਮ ਬਹੁਤ ਖ਼ਰਾਬ ਬਣਿਆ ਹੋਇਆ ਹੈ। ਕਿਤੇ ਭਾਰੀ ਮੀਂਹ ਪੈ ਰਿਹਾ ਹੈ ਤਾਂ ਕਿਤੇ ਤੂਫ਼ਾਨ ਨੇ ਜਨ-ਜੀਵਨ ਨੂੰ ਪ੍ਰਭਾਵਿਤ ਕੀਤਾ ਹੈ। ਇੱਥੇ ਬੱਲੂਆਣਾ ਇਲਾਕੇ 'ਚ ਵੀ ਅਚਾਨਕ ਬਦਲੇ ਮੌਸਮ ਨੇ ਤਬਾਹੀ ਮਚਾ ਦਿੱਤੀ। ਤੇਜ਼ ਹਨ੍ਹੇਰੀ, ਝੱਖੜ, ਤੂਫ਼ਾਨ ਅਤੇ ਭਾਰੀ ਮੀਂਹ ਕਾਰਨ ਇਲਾਕੇ 'ਚ ਬਹੁਤ ਪੁਰਾਣਾ ਬੀ.ਐੱਸ.ਐੱਨ.ਐੱਲ. ਦਾ ਟਾਵਰ ਲੋਕਾਂ ਦੇ ਘਰਾਂ 'ਤੇ ਡਿੱਗ ਗਿਆ। ਦੱਸਿਆ ਜਾ ਰਿਹਾ ਹੈ ਕਿ ਇਹ ਟਾਵਰ ਕਰੀਬ 100 ਫੁੱਟ ਉੱਚਾ ਸੀ, ਜੋ ਕਿ ਛੱਤਾਂ 'ਤੇ ਡਿੱਗ ਗਿਆ। ਟਾਵਰ ਡਿੱਗਣ ਕਾਰਨ ਕਈ ਘਰਾਂ ਦਾ ਭਾਰੀ ਨੁਕਸਾਨ ਹੋਇਆ, ਹਾਲਾਂਕਿ ਇਸ ਘਟਨਾ ਦੌਰਾਨ ਕਿਸੇ ਤਰ੍ਹਾਂ ਦੇ



ਜਾਨੀ ਨੁਕਸਾਨ ਤੋਂ ਵਾਲ-ਵਾਲ ਬਚਾਅ ਹੋ ਗਿਆ। ਟਾਵਰ ਡਿੱਗਣ ਕਾਰਨ ਆਸ-ਪਾਸੇ ਦੇ ਘਰਾਂ ਦੀਆਂ ਛੱਤਾਂ ਅਤੇ ਕੰਧਾਂ ਬੁਰੀ ਤਰ੍ਹਾਂ ਨੁਕਸਾਨੀਆਂ ਗਈਆਂ। ਇਸ ਹਾਦਸੇ ਤੋਂ ਬਾਅਦ ਇਲਾਕੇ ਦੇ ਲੋਕਾਂ 'ਚ ਨਾਰਾਜ਼ਗੀ ਪਾਈ ਜਾ ਰਹੀ ਹੈ। ਸਥਾਨਕ ਵਾਸੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਰਿਹਾਇਸ਼ੀ ਇਲਾਕੇ 'ਚ ਟਾਵਰ ਨਹੀਂ ਚਾਹੀਦਾ ਅਤੇ ਇਹ ਜਿਹੜਾ ਟਾਵਰ ਡਿੱਗਿਆ ਹੈ, ਇਹ ਬਹੁਤ ਪੁਰਾਣਾ ਸੀ ਅਤੇ ਇਸ ਦੇ ਡਿੱਗਣ ਕਾਰਨ ਅੱਜ ਕਿਸੇ ਵੀ ਤਰ੍ਹਾਂ ਦਾ ਜਾਨੀ ਨੁਕਸਾਨ ਹੋ ਸਕਦਾ ਸੀ। ਸਥਾਨਕ ਵਾਸੀਆਂ ਨੇ ਪ੍ਰਸ਼ਾਸਨ ਤੋਂ ਨੁਕਸਾਨ ਦਾ ਜਾਇਜ਼ਾ ਲੈ ਕੇ ਪ੍ਰਭਾਵਿਤ ਪਰਿਵਾਰਾਂ ਨੂੰ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ। ਲੋਕਾਂ ਦਾ ਕਹਿਣਾ ਹੈ ਕਿ ਸਮੇਂ ਸਿਰ ਟਾਵਰ ਦੀ ਮਜ਼ਬੂਤੀ ਅਤੇ ਸੁਰੱਖਿਆ ਦੀ ਜਾਂਚ ਕੀਤੀ ਜਾਂਦੀ ਤਾਂ ਇਸ ਤਰ੍ਹਾਂ ਦੇ ਹਾਦਸੇ ਤੋਂ ਬਚਿਆ ਜਾ ਸਕਦਾ ਸੀ।

## ਜਲੰਧਰ 'ਚ ਆਰਟੀਆਈ ਕਾਰਕੁਨ ਤੇ ਵਕੀਲ ਸਿਮਰਨਜੀਤ ਸਿੰਘ ਦਾ ਗੋਲੀਆਂ ਮਾਰ ਕੇ ਕਤਲ, ਮੁੱਖ ਮੁਲਜ਼ਮ ਗ੍ਰਿਫਤਾਰ

**ਚੰਡੀਗੜ੍ਹ, 30 ਮਈ (ਰਕੇਸ਼ ਭਟੇਜਾ)**-ਜਲੰਧਰ ਦੇ ਰਹਿਣ ਵਾਲੇ ਆਰਟੀਆਈ ਐਕਟੀਵਿਸਟ ਸਿਮਰਨਜੀਤ ਸਿੰਘ ਦੇ ਕਤਲ ਦੀ ਗੁੱਥੀ ਨੂੰ ਸੁਲਝਾਉਂਦੇ ਹੋਏ ਕਪੂਰਥਲਾ ਪੁਲਸ ਨੇ ਮੁੱਖ ਮੁਲਜ਼ਮ ਸ਼ਰਨਦੀਪ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ। ਪੁਲਸ ਨੇ ਇਹ ਕਾਰਵਾਈ ਸੀਸੀਟੀਵੀ ਫੁਟੇਜ ਅਤੇ ਤਕਨੀਕੀ ਸਬੂਤਾਂ ਦੇ ਆਧਾਰ 'ਤੇ ਕੀਤੀ ਹੈ। ਜਲੰਧਰ ਰੇਂਜ ਦੇ ਡੀਆਈਜੀ ਨਵੀਨ ਸਿੰਗਲਾ ਨੇ ਦੱਸਿਆ ਕਿ ਪੁਲਸ ਕੰਟਰੋਲ ਰੂਮ ਨੂੰ ਸਵੇਰੇ ਕਰੀਬ 11 ਵਜੇ ਸੂਚਨਾ ਮਿਲੀ ਸੀ ਕਿ ਇੱਕ ਅਣਪਛਾਤੀ ਲਾਸ਼ ਮਿਲੀ ਹੈ, ਜਿਸ ਦੇ ਸਰੀਰ 'ਤੇ ਗੋਲੀਆਂ ਦੇ ਨਿਸ਼ਾਨ ਸਨ। ਜਾਂਚ ਤੋਂ ਬਾਅਦ ਮ੍ਰਿਤਕ ਦੀ ਪਛਾਣ ਜਲੰਧਰ ਨਿਵਾਸੀ ਸਿਮਰਨਜੀਤ ਸਿੰਘ ਵਜੋਂ ਹੋਈ। ਮੌਕੇ ਤੋਂ ਇੱਕ ਫੋਰਚੂਨਰ ਗੱਡੀ ਬਰਾਮਦ ਕੀਤੀ ਗਈ ਹੈ, ਜਿਸ ਵਿੱਚ ਸਿਮਰਨਜੀਤ ਸਿੰਘ ਆਪਣੇ ਘਰੋਂ ਆਇਆ ਸੀ। ਪੁਲਸ ਨੂੰ ਗੱਡੀ ਦੀ ਤਲਾਸ਼ੀ ਦੌਰਾਨ ਇੱਕ 12 ਬੋਰ ਦੀ ਰਾਈਫਲ ਵੀ ਮਿਲੀ ਹੈ। ਪੁਲਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਗ੍ਰਿਫਤਾਰ



ਕੀਤਾ ਗਿਆ ਮੁਲਜ਼ਮ ਸ਼ਰਨਦੀਪ ਸਿੰਘ ਮ੍ਰਿਤਕ ਦਾ ਮਾਮੇ ਦਾ ਲੜਕਾ ਹੈ। ਘਟਨਾ ਸਮੇਂ ਸਿਮਰਨਜੀਤ ਸਿੰਘ ਆਪਣੀ ਫੋਰਚੂਨਰ ਗੱਡੀ ਵਿੱਚ ਸੀ, ਜਦੋਂ ਕਿ ਸ਼ਰਨਦੀਪ ਆਪਣੇ ਦੋਸਤਾਂ ਨਾਲ ਸਵਿਫਟ ਗੱਡੀ ਵਿੱਚ ਉੱਥੇ ਪਹੁੰਚਿਆ ਸੀ। ਦੱਸਿਆ ਜਾ ਰਿਹਾ ਹੈ ਕਿ ਦੋਵੇਂ ਇੱਕ ਪਲਾਟ ਦੇਖਣ ਗਏ ਸਨ, ਜਿੱਥੇ ਆਪਸੀ ਗੱਲਬਾਤ ਦੌਰਾਨ ਹੋਈ ਤਲਖੀ ਕਾਰਨ "ਹੀਟ ਆਫ ਦਾ ਮੂਮੈਂਟ" (ਗੁੱਸੇ ਵਿੱਚ ਆ ਕੇ) ਇਹ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਪੁਲਸ ਅਨੁਸਾਰ, ਸੀਸੀਟੀਵੀ ਫੁਟੇਜ ਵਿੱਚ ਮੁਲਜ਼ਮਾਂ ਦੀ ਗੱਡੀ ਆਉਂਦੀ ਦਿਖਾਈ ਦੇ ਰਹੀ ਹੈ ਅਤੇ ਤਕਨੀਕੀ ਸਬੂਤਾਂ ਨਾਲ ਉਹਨਾਂ ਦੀ ਲੋਕੇਸ਼ਨ ਦੀ ਪੁਸ਼ਟੀ ਹੋਈ ਹੈ। ਵਾਰਦਾਤ ਵਿੱਚ .32 ਬੋਰ ਦੇ ਹਥਿਆਰ ਦੀ ਵਰਤੋਂ ਕੀਤੀ ਗਈ ਸੀ। ਪੁਲਸ ਦੀਆਂ ਵੱਖ-ਵੱਖ ਟੀਮਾਂ ਨੇ ਮੁਲਜ਼ਮ ਨੂੰ ਫਗਵਾੜਾ ਬਾਈਪਾਸ ਤੋਂ ਕਾਬੂ ਕਰ ਲਿਆ ਹੈ। ਅਗਲੇਰੀ ਜਾਂਚ ਜਾਰੀ ਹੈ।

### ਪੰਜਾਬ ਕੈਬਨਿਟ ਮੀਟਿੰਗ 'ਚ ਅਹਿਮ ਫ਼ੈਸਲਾ

## ਠੇਕੇ 'ਤੇ ਨੌਕਰੀਆਂ ਕਰਨ ਵਾਲੇ ਮੁਲਾਜ਼ਮਾਂ ਲਈ ਅਹਿਮ ਫੈਸਲਾ, 65048 ਆਊਟਸੋਰਸ ਕੀਤੇ ਕਾਮਿਆਂ ਨੂੰ ਮਿਲੇਗਾ ਲਾਭ



**ਚੰਡੀਗੜ੍ਹ, 30 ਮਈ (ਆਵਾਜ਼ਿ ਕੌਮ ਬਿਊਰੋ)**- ਚੰਡੀਗੜ੍ਹ 'ਚ ਮੁੱਖ ਮੰਤਰੀ ਦੀ ਰਿਹਾਇਸ਼ ਵਿਖੇ ਪੰਜਾਬ ਕੈਬਨਿਟ ਦੀ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਦੌਰਾਨ ਪੰਜਾਬ 'ਚ ਠੇਕੇਦਾਰੀ ਸਿਸਟਮ ਨੂੰ ਲੈ ਕੇ ਅਹਿਮ ਫੈਸਲਾ ਲਿਆ ਗਿਆ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਕੈਬਨਿਟ ਦੀ ਮੀਟਿੰਗ ਮਗਰੋਂ ਪ੍ਰੈਸ ਕਾਨਫਰੰਸ ਕੀਤੀ। ਪੰਜਾਬ ਕੈਬਨਿਟ ਮੀਟਿੰਗ ਤੋਂ ਬਾਅਦ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਵਿੱਚੋਂ ਕੰਟਰੈਕਟੁਅਲ ਨੌਕਰੀ ਪ੍ਰਣਾਲੀ ਨੂੰ ਖਤਮ ਕਰਨ ਅਤੇ ਨੌਜਵਾਨਾਂ ਨੂੰ ਨਿਯਮਤ ਨੌਕਰੀਆਂ ਪ੍ਰਦਾਨ ਕਰਨ ਲਈ ਪੰਜਾਬ ਵਿਧਾਨ ਸਭਾ ਵਿੱਚ 2 ਬਿੱਲ ਲਿਆਏਗੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਲਾਨ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਕਿਹਾ ਕਿ ਫਾਇਰਮੈਨ, ਸੀਵਰੇਜ ਮੈਨ ਅਤੇ ਹੋਰ ਸਰਕਾਰੀ ਕਰਮਚਾਰੀਆਂ ਜਿਨ੍ਹਾਂ ਵਿੱਚ ਅਜਿਹੀਆਂ ਨੌਕਰੀਆਂ ਹਨ ਜੋ ਖਤਰਨਾਕ ਮੰਨੀਆਂ ਜਾਂਦੀਆਂ ਹਨ, ਨੂੰ ਤਿੰਨ ਸਾਲ ਦੀ ਸੇਵਾ ਪੂਰੀ ਕਰਨ 'ਤੇ ਨਿਯਮਤ ਕੀਤਾ ਜਾਵੇਗਾ। ਸੀਐੱਮ ਮਾਨ ਨੇ ਅੱਗੇ ਕਿਹਾ ਕਿ ਮੁਲਾਜ਼ਮਾਂ ਨੂੰ ਸਰਕਾਰੀ ਸੇਵਾ ਦੇ ਸਾਰੇ ਲਾਭ ਮਿਲਣਗੇ। ਇਹ ਯੋਜਨਾ 51 ਵਿਭਾਗਾਂ ਵਿੱਚ ਲਾਗੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹੋਰ ਕਰਮਚਾਰੀ ਜਿਨ੍ਹਾਂ ਨੂੰ ਗੈਰ-ਖ਼ਤਰਨਾਕ ਮੰਨਿਆ ਜਾਂਦਾ ਹੈ, ਉਨ੍ਹਾਂ ਨੂੰ ਇਸ ਯੋਜਨਾ ਦਾ ਲਾਭ ਪ੍ਰਾਪਤ ਕਰਨ ਲਈ ਪੰਜ ਸਾਲ ਦੀ ਸੇਵਾ ਪੂਰੀ ਕਰਨੀ ਪਵੇਗੀ। ਲਗਭਗ 18000 ਸਰਕਾਰੀ ਕਰਮਚਾਰੀਆਂ ਨੂੰ ਇਸ ਯੋਜਨਾ ਦਾ ਲਾਭ ਮਿਲਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਿੱਚ ਇਨ੍ਹਾਂ ਬਿੱਲਾਂ ਨੂੰ ਪਾਸ ਕਰਨ ਤੋਂ ਬਾਅਦ ਇਨ੍ਹਾਂ ਨੂੰ ਰਾਜਪਾਲ ਕੋਲ ਉਨ੍ਹਾਂ ਦੀ ਮਨਜ਼ੂਰੀ ਲਈ ਭੇਜਿਆ ਜਾਵੇਗਾ ਅਤੇ ਉਨ੍ਹਾਂ ਦੀ ਪ੍ਰਵਾਨਗੀ ਤੋਂ ਬਾਅਦ ਇਨ੍ਹਾਂ ਆਊਟਸੋਰਸਡ ਅਤੇ ਠੇਕੇ 'ਤੇ ਰੱਖੇ ਕਰਮਚਾਰੀਆਂ ਨੂੰ ਲਾਭ ਪ੍ਰਦਾਨ ਕਰਨ ਲਈ ਸੂਬੇ ਵਿੱਚ ਢੁਕਵੇਂ ਕਾਨੂੰਨ ਲਾਗੂ ਕੀਤੇ ਜਾਣਗੇ। ਪ੍ਰੈਸ ਕਾਨਫਰੰਸ ਦੌਰਾਨ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਵੀ ਪੰਜਾਬ ਦੇ ਮੁੱਖ ਮੰਤਰੀ ਨਾਲ ਮੌਜੂਦ ਰਹੇ ਸਨ।

## ਅੱਤ ਦੀ ਗਰਮੀ ਵਿਚਾਲੇ ਪੰਜਾਬ 'ਚ ਬਦਲਿਆ ਮੌਸਮ ਦਾ ਮਿਜਾਜ, ਐਤਵਾਰ ਤੋਂ ਫਿਰ ਵਧੇਗਾ ਪਾਰਾ !

**ਚੰਡੀਗੜ੍ਹ, 30 ਮਈ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੇ ਕਈ ਇਲਾਕਿਆਂ 'ਚ ਅੱਤ ਦੀ ਗਰਮੀ ਵਿਚਾਲੇ ਮੌਸਮ ਚ ਬਦਲਾਅ ਹੋਇਆ ਹੈ ਜਿਸ ਨਾਲ ਆਮ ਲੋਕਾਂ ਨੂੰ ਅੱਤ ਦੀ ਗਰਮੀ ਵਿਚਾਲੇ ਰਾਹਤ ਮਿਲੀ ਹੈ। ਦੱਸ ਦਈਏ ਕਿ ਭਾਰਤੀ ਮੌਸਮ ਵਿਭਾਗ ਦੇ ਚੰਡੀਗੜ੍ਹ ਕੇਂਦਰ ਵੱਲੋਂ ਜਾਰੀ ਤਾਜ਼ਾ ਭਵਿੱਖਬਾਣੀ ਕਰਦੇ ਹੋਏ ਕਿਹਾ ਸੀ ਕਿ ਅੱਜ, 30 ਮਈ ਤੋਂ ਸੂਬੇ ਦੇ ਕਈ ਹਿੱਸਿਆਂ ਵਿੱਚ ਗਰਜ-ਤੂਫ਼ਾਨ, ਤੇਜ਼ ਹਵਾਵਾਂ ਅਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਪਵੇਗੀ। ਇਸ ਨਾਲ ਗਰਮੀ ਤੋਂ ਕੁਝ ਰਾਹਤ ਮਿਲਣ ਦੀ ਉਮੀਦ ਹੈ, ਪਰ ਇਹ ਜ਼ਿਆਦਾ ਦੇਰ ਨਹੀਂ ਰਹੇਗੀ। ਸਰਗਰਮ ਪੱਛਮੀ ਗੜਬੜੀ ਦੇ ਪ੍ਰਭਾਵ ਖਤਮ ਹੋਣ ਤੋਂ ਬਾਅਦ,



ਐਤਵਾਰ ਤੋਂ ਮੌਸਮ ਦੁਬਾਰਾ ਬਦਲ ਜਾਵੇਗਾ, ਅਤੇ ਤਾਪਮਾਨ ਵਧੇਗਾ। ਮੌਸਮ ਵਿਭਾਗ ਦੇ ਅਨੁਸਾਰ, ਸ਼ੁੱਕਰਵਾਰ ਨੂੰ ਰਾਜ ਦਾ ਔਸਤ ਵੱਧ ਤੋਂ ਵੱਧ ਤਾਪਮਾਨ ਪਿਛਲੇ ਦਿਨ ਦੇ ਮੁਕਾਬਲੇ ਲਗਭਗ 3.3 ਡਿਗਰੀ ਸੈਲਸੀਅਸ ਘੱਟ ਗਿਆ। ਇਸ ਦੇ ਬਾਵਜੂਦ, ਦੱਖਣ-ਪੱਛਮੀ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਗਰਮੀ ਦੀ ਲਹਿਰ ਦੀ ਸਥਿਤੀ ਬਣੀ ਰਹੀ।

ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਪਠਾਨਕੋਟ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਮੋਹਾਲੀ, ਫਤਿਹਗੜ੍ਹ ਸਾਹਿਬ, ਲੁਧਿਆਣਾ, ਸੰਗਰੂਰ, ਪਟਿਆਲਾ, ਮਾਨਸਾ, ਬਠਿੰਡਾ, ਮੁਕਤਸਰ, ਫਾਜ਼ਿਲਕਾ, ਫਿਰੋਜ਼ਪੁਰ, ਫਰੀਦਕੋਟ ਅਤੇ ਬਰਨਾਲਾ ਸਮੇਤ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਮੀਂਹ ਅਤੇ ਗਰਜ ਨਾਲ ਮੀਂਹ ਪੈਣ ਦੀ ਸੰਭਾਵਨਾ ਹੈ।

ਮੌਸਮ ਵਿਭਾਗ ਨੇ ਕਈ ਜ਼ਿਲ੍ਹਿਆਂ ਲਈ ਚੇਤਾਵਨੀ ਜਾਰੀ ਕੀਤੀ ਹੈ, ਜਿਸ ਵਿੱਚ 50 ਤੋਂ 60 ਕਿਲੋਮੀਟਰ ਪ੍ਰਤੀ ਘੰਟਾ ਦੀ ਤੇਜ਼ ਹਵਾਵਾਂ ਚੱਲਣਗੀਆਂ। ਕੁਝ ਥਾਵਾਂ 'ਤੇ ਹਵਾ ਦੀ ਗਤੀ 70 ਕਿਲੋਮੀਟਰ ਪ੍ਰਤੀ ਘੰਟਾ ਤੱਕ ਪਹੁੰਚ ਸਕਦੀ ਹੈ।

**31 ਮਈ:** ਪੂਰੇ ਸੂਬੇ ਲਈ ਕੋਈ ਚੇਤਾਵਨੀ ਜਾਰੀ ਨਹੀਂ ਕੀਤੀ ਗਈ ਹੈ। ਜਦੋਂ ਕਿ ਕੁਝ ਥਾਵਾਂ 'ਤੇ ਬੱਦਲਵਾਈ ਰਹਿ ਸਕਦੀ ਹੈ, ਕਈ ਥਾਵਾਂ 'ਤੇ ਧੁੱਪ ਨਿਕਲੇਗੀ, ਅਤੇ ਤਾਪਮਾਨ ਵਧੇਗਾ।

**1 ਅਤੇ 2 ਜੂਨ:** 1 ਜੂਨ ਨੂੰ ਵੀ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਮੌਸਮ ਆਮ ਰਹਿਣ ਦੀ ਉਮੀਦ ਹੈ। ਮੌਸਮ ਵਿਭਾਗ ਨੇ ਕਿਸੇ ਵੀ ਜ਼ਿਲ੍ਹੇ ਲਈ ਕੋਈ ਖਾਸ ਚੇਤਾਵਨੀ ਜਾਰੀ ਨਹੀਂ ਕੀਤੀ ਹੈ। 2 ਜੂਨ ਨੂੰ ਪੰਜਾਬ ਭਰ ਵਿੱਚ ਮੌਸਮ ਆਮ ਰਹਿਣ ਦੀ ਉਮੀਦ ਹੈ।

## ਈਰਾਨ ਨੂੰ ਮਿਲੇਗਾ 28 ਲੱਖ ਕਰੋੜ ਦਾ ਪੈਕੇਜ ! ਟਰੰਪ ਵੱਲੋਂ ਡੀਲ ਦਾ ਦਾਅਵਾ ਪਰ ਤਹਿਰਾਨ ਦਾ ਇਨਕਾਰ


**ਵਾਸ਼ਿੰਗਟਨ/ਤੇਹਰਾਨ, 30 ਮਈ (ਆਵਾਜ਼ਿ ਕੌਮ ਬਿਊਰੋ)**- ਮੱਧ ਪੂਰਬ 'ਚ ਜਾਰੀ ਭਾਰੀ ਤਣਾਅ ਦੇ ਵਿਚਕਾਰ ਅਮਰੀਕਾ ਅਤੇ ਈਰਾਨ ਵਿਚਕਾਰ ਇੱਕ ਇਤਿਹਾਸਕ ਸਮਝੌਤੇ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ। ਪ੍ਰਸਤਾਵਿਤ ਸਮਝੌਤੇ ਦੇ ਤਹਿਤ ਈਰਾਨ ਨੂੰ 300 ਅਰਬ ਡਾਲਰ (ਲਗਭਗ 28.5 ਲੱਖ ਕਰੋੜ ਰੁਪਏ) ਦਾ ਇੱਕ ਵਿਸ਼ਾਲ ਪੁਨਰ ਨਿਰਮਾਣ ਫੰਡ ਦਿੱਤੇ ਜਾਣ ਦੀ ਯੋਜਨਾ ਹੈ। ਇਹ ਰਾਸ਼ੀ ਜੰਗ ਨਾਲ ਪ੍ਰਭਾਵਿਤ ਬੁਨਿਆਦੀ ਢਾਂਚੇ, ਊਰਜਾ ਖੇਤਰ ਅਤੇ ਆਰਥਿਕ ਸੁਧਾਰਾਂ ਲਈ ਵਰਤੀ ਜਾਵੇਗੀ। ਇਸ ਤੋਂ ਇਲਾਵਾ, ਅਮਰੀਕੀ ਕੰਪਨੀਆਂ ਨੂੰ ਈਰਾਨ ਵਿੱਚ ਨਿਵੇਸ਼ ਕਰਨ ਦੀ ਇਜਾਜ਼ਤ ਵੀ ਮਿਲ ਸਕਦੀ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦਾਅਵਾ ਕੀਤਾ ਹੈ ਕਿ ਦੋਵੇਂ ਦੇਸ਼ ਪਰਮਾਣੂ ਪ੍ਰੋਗਰਾਮ ਨੂੰ ਲੈ ਕੇ ਸਮਝੌਤੇ ਦੇ ਬਹੁਤ ਨੇੜੇ ਪਹੁੰਚ ਚੁੱਕੇ ਹਨ। ਟਰੰਪ ਅਨੁਸਾਰ, ਇਸ ਸਮਝੌਤੇ ਤਹਿਤ ਈਰਾਨ ਪਰਮਾਣੂ ਹਥਿਆਰ ਨਹੀਂ ਬਣਾਏਗਾ ਅਤੇ ਆਪਣੇ ਯੂਰੇਨੀਅਮ ਭੰਡਾਰ ਨੂੰ ਖਤਮ ਕਰੇਗਾ। ਬਦਲੇ ਵਿੱਚ, ਅਮਰੀਕਾ ਈਰਾਨ 'ਤੇ ਲਗਾਈ ਗਈ ਸਮੁੰਦਰੀ ਨਾਕਾਬੰਦੀ ਹਟਾ ਸਕਦਾ ਹੈ ਅਤੇ ਹੋਰਮੁਜ਼ 'ਚ ਜਹਾਜ਼ਾਂ ਤੋਂ ਟੋਲ ਵਸੂਲੀ ਦੇ ਵਿਵਾਦ ਨੂੰ ਸੁਲਝਾਇਆ ਜਾ ਸਕਦਾ ਹੈ। ਦੂਜੇ ਪਾਸੇ, ਈਰਾਨ ਨੇ ਟਰੰਪ ਦੇ ਇਨ੍ਹਾਂ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਈਰਾਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਘਈ ਨੇ ਸਪੱਸ਼ਟ ਕੀਤਾ ਹੈ ਕਿ ਪਰਮਾਣੂ ਪ੍ਰੋਗਰਾਮ 'ਤੇ ਕੋਈ ਰਸਮੀ ਗੱਲਬਾਤ ਨਹੀਂ ਚੱਲ ਰਹੀ। ਈਰਾਨੀ ਸੰਸਦ ਦੇ ਸਪੀਕਰ ਮੁਹੰਮਦ ਬਾਕਿਰ ਗਾਲੀਬਾਫ ਨੇ ਕਿਹਾ ਹੈ ਕਿ ਉਹ ਅਮਰੀਕੀ ਬਿਆਨਾਂ ਦੀ ਬਜਾਏ ਸਿਰਫ ਠੋਸ ਕਾਰਵਾਈ 'ਤੇ ਹੀ ਭਰੋਸਾ ਕਰਨਗੇ। ਰਾਸ਼ਟਰਪਤੀ ਟਰੰਪ ਨੇ ਪੁਸ਼ਟੀ ਕੀਤੀ ਹੈ ਕਿ ਉਹ ਵ੍ਹਾਈਟ ਹਾਊਸ ਦੇ ਸਿਚੂਏਸ਼ਨ ਰੂਮ 'ਚ ਆਪਣੇ ਉੱਚ ਸੁਰੱਖਿਆ ਸਲਾਹਕਾਰਾਂ ਨਾਲ ਇਸ ਮੁੱਦੇ 'ਤੇ 'ਅੰਤਿਮ ਫੈਸਲਾ' ਲੈਣ ਲਈ ਮੀਟਿੰਗ ਕਰ ਰਹੇ ਹਨ। ਮੰਨਿਆ ਜਾ ਰਿਹਾ ਹੈ ਕਿ ਇਹ ਸਮਝੌਤਾ ਮੌਜੂਦਾ ਜੰਗਬੰਦੀ ਨੂੰ 60 ਦਿਨਾਂ ਲਈ ਵਧਾ ਸਕਦਾ ਹੈ ਤਾਂ ਜੋ ਸਥਾਈ ਸ਼ਾਂਤੀ ਲਈ ਰਾਹ ਪੱਧਰਾ ਹੋ ਸਕੇ। ਹਾਲਾਂਕਿ, ਅਮਰੀਕੀ ਰੱਖਿਆ ਮੰਤਰੀ ਪੀਟ ਹੇਗਸੇਥ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਗੱਲਬਾਤ ਅਸਫਲ ਰਹੀ ਤਾਂ ਅਮਰੀਕਾ ਦੁਬਾਰਾ ਫੌਜੀ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਜਿੱਥੇ ਇੱਕ ਪਾਸੇ ਸਮਝੌਤੇ ਦੀ ਗੱਲ ਚੱਲ ਰਹੀ ਹੈ, ਉੱਥੇ ਹੀ ਦੂਜੇ ਪਾਸੇ ਇਜ਼ਰਾਈਲ ਅਤੇ ਹਿਜ਼ਬੁੱਲਾ ਵਿਚਕਾਰ ਤਣਾਅ ਘੱਟ ਨਹੀਂ ਹੋਇਆ। ਵਿਸ਼ਵ ਸਿਹਤ ਸੰਗਠਨ ਨੇ ਲੇਬਨਾਨ ਵਿੱਚ ਸਿਹਤ ਪ੍ਰਣਾਲੀ ਦੇ ਢਹਿ-ਢੇਰੀ ਹੋਣ ਦੀ ਚਿਤਾਵਨੀ ਦਿੱਤੀ ਹੈ। ਯੂਨੀਸੇਫ ("©9356) ਦੀ ਰਿਪੋਰਟ ਅਨੁਸਾਰ, ਪਿਛਲੇ ਇੱਕ ਹਫ਼ਤੇ ਵਿੱਚ ਰੋਜ਼ਾਨਾ ਔਸਤਨ 11 ਬੱਚੇ ਮਾਰੇ ਗਏ ਜਾਂ ਜ਼ਖਮੀ ਹੋਏ ਹਨ। ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਦੱਖਣੀ ਲੇਬਨਾਨ ਵਿੱਚ ਫੌਜੀ ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਸੰਕੇਤ ਦਿੱਤੇ ਹਨ।




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੰਥਦੀ ਸਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਲੋਂ, ਜ: ਮਹਿਤਾਬ ਸਿੰਘ ਵਿਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV








# 2 ਜੂਨ ਨੂੰ ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

## ਸੰਤ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ

## ਪਿੰਡ ਰੋਡੇ

## ਪਹੁੰਚੋ



ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ



ਆਵਾਜ਼ਿ ਕੌਮ
AWAZE QAUM
International Newspaper & WEB TV

ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



### ★ ਪ੍ਰਣਾਮ ਸ਼ਹੀਦਾਂ ਨੂੰ ★

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਬਾਬਾ ਥਾਰਾ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ ਜਿਨ੍ਹਾਂ ਨੇ ਜੂਨ 1984 ਵਿੱਚ 'ਧਰਮ ਹੇਤ ਸੀਸ ਵਾਰ' ਕੇ ਪੰਜਵੇਂ ਨਾਨਕ ਗੁਰੂ ਅਰਜਨ ਪਾਤਸ਼ਾਹ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।



**ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਗੁਰਦੁਵਾਰਾ ਸਾਹਿਬ Hesperia 1.30 pm ਕੱਲ ਐਤਵਾਰ ਆਰੰਭ SRI SEHEJ PATH JI In Memory of All Saheed who laid their lives for protection of SRI DARBARAND SRI AKAL TAKHATSAHIB of 6th. June AIHD ( ਤੀਸਰਾ ਘੱਲੂਘਾਰਾ) ਸ੍ਰੀ ਸਹਿਜ ਪਾਠ ਦੇ ਭੋਗ 7th. ਜੂਨ 2026 ਨੂੰ 10 ਵਜੇ ਪੈਣਗੇ ਉਪਰੰਤ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਾਏ ਜਾਣਗੇ**

--★ ਜਾਰੀ ਕਰਤਾ ★--

# ਸਮੂਹ ਪ੍ਰਬੰਧਕ ਕਮੇਟੀ

## ਗੁਰਦੁਵਾਰਾ ਸਾਹਿਬ Hesperia U. S.A.


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਘੱਲੂਘਾਰਾ ਜੂਨ 1984 ਨੂੰ

## 5, 6, 7 ਜੂਨ ਨੂੰ ਭਾਰੀ ਦੀਵਾਨ ਸਜਣਗੇ



☛ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸਿੱਖ ਕੌਮ ਜਰਨੈਲ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਨਾਲ ਦੇ ਸ਼ਹੀਦ ਹੋਏ ਸਿੰਘ ਸਿੰਘਣੀਆਂ ਭੁਝੰਗੀਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਨੂਰ

• ਸ਼ੁੱਕਰਵਾਰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ 10 : 30 ਵਜੇ ਹੋਵੇਗੀ 5 ਜੂਨ ਨੂੰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। • ਸ਼ਨਿੱਚਰਵਾਰ 6 ਜੂਨ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 7 ਜੂਨ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਪਹਿਲਾਂ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਸ੍ਰੀ ਅਖੰਡ ਪਾਠ ਸਾਹਿਬ ਦੇ 10:30 ਪੈਣਗੇ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਜੀ ਨੂਰ ਢਾਡੀ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਤਰਾਂ ਤਰਾਂ ਦੇ ਸਟਾਲ ਵੀ ਲੱਗਣਗੇ • ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਵਿਦੇਸ਼ ਨਿਵਾਸੀ ਸਿੰਘਾਂ ਵੱਲੋਂ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਸੰਤ ਭਿੰਡਰਾਂਵਾਲੇ
ਭਾਈ ਅਵਤਾਰ ਸਿੰਘ ਕੂੰਨਰ ਸਾਬਕਾ ਪ੍ਰਧਾਨ ISYF ਕੈਨੇਡਾ
ਭਾਈ ਪਰਮਿੰਦਰ ਸਿੰਘ ਬੱਲ ਪ੍ਰਧਾਨ ਸਿੱਖ ਫੈਡਰੇਸ਼ਨ ਯੂ.ਕੇ.
ਭਾਈ ਬਲਿਹਾਰ ਸਿੰਘ ਰੰਧਾਵਾ ਸਿੱਖ ਵਿਦਵਾਨ
ਭਾਈ ਤੇਜਿੰਦਰ ਸਿੰਘ ਜੀ ਪ੍ਰਧਾਨ ਗੁਰਦੁਆਰਾ ਸਮੈਥਿਕ ਯੂ.ਕੇ.
ਭਾਈ ਕੁਲਦੀਪ ਸਿੰਘ ਦਿਓਲ ਸਮੈਥਿਕ ਯੂ.ਕੇ.
ਭਾਈ ਪਰਮਜੀਤ ਸਿੰਘ ਜੀ ਬਿਆਸ ਪਿੰਡ ਵਾਲੇ, ਯੂ.ਕੇ.
ਭਾਈ ਮੋਹਨ ਸਿੰਘ ਜੀ ਯੂ.ਕੇ.
ਭਾਈ ਰੇਸ਼ਮ ਸਿੰਘ ਜੀ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਲਹਿੰਬਰ ਸਿੰਘ ਯੂ.ਕੇ. ਫਤਹਿਪੁਰ ਵਾਲੇ
ਭਾਈ ਗੁਰਜਾਪ ਸਿੰਘ ਰੋਡੇ ਕੈਨੇਡਾ
ਭਾਈ ਇੰਦਰਜੀਤ ਸਿੰਘ ਜੀ ਭਿੰਡਰ ਕਲਾਂ ਯੂ.ਏ.ਈ
ਭਾਈ ਜਸਵਿੰਦਰ ਸਿੰਘ ਜੀ ਕਿੱਲੀ ਚਾਹਲ
ਗਿਆਨੀ ਸੰਦੀਪ ਸਿੰਘ ਜੀ ਯੂ.ਐਸ.ਏ.
ਭਾਈ ਕੇਹਰ ਸਿੰਘ ਜੀ ਯੂ.ਕੇ.
ਸ. ਯਾਦਵਿੰਦਰ ਸਿੰਘ ਬਰਾੜ ਯੂ.ਐਸ.ਏ.
ਸ. ਅਜੀਤ ਸਿੰਘ ਬਰਾੜ ਕੈਨੇਡਾ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਜਥੇਦਾਰ ਨਾਜਰ ਸਿੰਘ ਜੀ ਭਾਈ ਕੇ ਬਖਤੌਰ ਵਾਲੇ
ਪ੍ਰੋ. ਜਸਪਾਲ ਸਿੰਘ ਜੀ ਕੋਟਕਪੂਰਾ
ਸ੍ਰੀ ਤਰੁਣ ਜੈਨ ਬਾਵਾ ਪ੍ਰਧਾਨ ਵਪਾਰ ਮੰਡਲ ਭਾਰਤ
ਮੈਨੇਜਰ ਸ. ਬਲਜੀਤ ਸਿੰਘ ਗੁ. ਸ਼ਹੀਦ ਬਾਬਾ ਨਿਹਾਲ ਸਿੰਘ ਤੱਲਣ
ਬਾਬਾ ਹਰਮੇਲ ਸਿੰਘ ਜੀ ਸਰਦੂਲੇ ਵਾਲੇ
ਗਿਆਨੀ ਮੇਵਾ ਸਿੰਘ ਜੀ ਦਮਦਮੀ ਟਕਸਾਲ ਦਿੱਲੀ ਵਾਲੇ
ਭਾਈ ਸੁਖਰਾਜ ਸਿੰਘ ਨਿਆਮੀਵਾਲਾ ਸ਼ਹੀਦ ਪਰਿਵਾਰ
ਭਾਈ ਲਵਪ੍ਰੀਤ ਸਿੰਘ ਅੰਮ੍ਰਿਤਸਰ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਗਿਆਨੀ ਰਾਜਪਾਲ ਸਿੰਘ ਬੇਪਾਰਾਏ ਪ੍ਰਚਾਰਕ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸਤਨਾਮ ਸਿੰਘ ਅਲਗੋ ਖੁਰਦ ਵਾਲੇ
ਭਾਈ ਕਿਰਪਾਲ ਸਿੰਘ ਜੀ ਦਮਦਮੀ ਟਕਸਾਲ ਵਾਲੇ
ਗਿਆਨੀ ਰਣਜੋਧ ਸਿੰਘ ਜੀ ਭਦੌੜ ਵਾਲੇ
ਜਥੇਦਾਰ ਕੇਵਲ ਸਿੰਘ ਕੱਦੋਂ ਮਾਛੀਵਾੜਾ ਸਾਹਿਬ ਵਾਲੇ
ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ
ਜਥੇਦਾਰ ਬਹਾਦਰ ਸਿੰਘ ਭਾਰਟਾ ਸੀ: ਮੀਤ ਪ੍ਰਧਾਨ ਯੂਨਾਈਟਿਡ ਅਕਾਲੀ ਦਲ
ਭਾਈ ਬੇਅੰਤ ਸਿੰਘ ਸ਼ਹਿਰੀ ਪ੍ਰਧਾਨ ਫਿਰੋਜ਼ਪੁਰ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਦੀ ਜਥੇਬੰਦੀ
ਸੰਤ ਭਿੰਡਰਾਂਵਾਲੇ
ਭਾਈ ਰਘਬੀਰ ਸਿੰਘ ਵਾਲਸਾਲ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਭਾਈ ਪਰਮਜੀਤ ਸਿੰਘ ਢਾਡੀ ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ IPD
ਭਾਈ ਕਪਤਾਨ ਸਿੰਘ ਵੁਲਵਰਹੈਂਪਟਨ ਜਨਰਲ ਸਕੱਤਰ ਅਤੇ ਮੁੱਖ ਬੁਲਾਰਾ IPD
ਭਾਈ ਰਘਵੀਰ ਸਿੰਘ ਮਾਲੜੀ ਨੌਟਿੰਘਮ, ਚੀਫ ਆਰਗੇਨਾਈਜ਼ਰ IPD
ਬਾਬਾ ਬਘੇਲ ਸਿੰਘ ਬਰਮਿੰਘਮ ਜਥੇਦਾਰ ਧਾਰਮਿਕ ਵਿੰਗ IPD
ਭਾਈ ਮਨਜਿੰਦਰ ਸਿੰਘ ਕਵੈਂਟਰੀ ਸਾਊਥ ਆਰਗੇਨਾਈਜ਼ਰ IPD
ਭਾਈ ਰਘਵੀਰ ਸਿੰਘ ਬੀਰ੍ਹਾ ਬਰਮਿੰਘਮ ਮੀਤ ਪ੍ਰਧਾਨ IPD
ਭਾਈ ਚਰਨਜੀਤ ਸਿੰਘ ਡਰਬੀ ਨਾਰਥ ਆਰਗੇਨਾਈਜ਼ਰ IPD
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਹਰਜਿੰਦਰ ਸਿੰਘ ਬ੍ਰੈਡਫੋਰਡ ਸੀਨੀਅਰ ਮੀਤ ਪ੍ਰਧਾਨ IPD
ਭਾਈ ਸੰਤੋਖ ਸਿੰਘ ਕਵੈਂਟਰੀ ਸੀਨੀਅਰ ਮੀਤ ਸਕੱਤਰ IPD
ਭਾਈ ਸੁਰਿੰਦਰਪਾਲ ਸਿੰਘ ਵਾਲਸਾਲ ਮਿਡਲੈਂਡ ਆਰਗੇਨਾਈਜ਼ਰ IPD
ਭਾਈ ਬਿਕਰਮਜੀਤ ਸਿੰਘ ਵਾਲਸਾਲ ਮੀਤ ਸਕੱਤਰ IPD
ਭਾਈ ਮੱਖਣ ਸਿੰਘ ਇਰਾਨੀ ਬਰਮਿੰਘਮ ਸੀਨੀਅਰ ਮੈਂਬਰ IPD
ਭਾਈ ਗੁਰਵਿੰਦਰ ਸਿੰਘ ਬਾਜਵਾ ਕਵੈਂਟਰੀ ਸੀਨੀਅਰ ਮੈਂਬਰ IPD
ਭਾਈ ਜਸਪਾਲ ਸਿੰਘ ਲੈਸਟਰ ਖਜ਼ਾਨਚੀ IPD
ਭਾਈ ਅਪਿੰਦਰਪਾਲ ਸਿੰਘ ਹੈਪੀ ਬਰਮਿੰਘਮ ਮੀਤ ਖਜ਼ਾਨਚੀ IPD
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਟੁੱਟ ਵਰਤਣਗੇ


ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਅਕਾਲੀ ਦਲ
ਵਾਰਿਸ ਪੰਜਾਬ ਦੇ
ਮਰਦ-ਏ-ਮੁਜਾਹਿਦ
ਸੰਤ ਬਾਬਾ
ਜਰਨੈਲ ਸਿੰਘ ਜੀ
ਖ਼ਾਲਸਾ ਭਿੰਡਰਾਂਵਾਲਿਆਂ ਦੇ
ਜਨਮ ਦਿਵਸ ਤੇ
2 ਜੂਨ ਨੂੰ
ਰੋਡੇ ਪਹੁੰਚੋ
ਵੱਲੋਂ : ਬਾਪੂ ਤਰਸੇਮ ਸਿੰਘ ਜੀ
ਜਾਰੀ ਕਰਤਾ : ਸ਼ਮਸ਼ੇਰ ਸਿੰਘ ਪੱਧਰੀ
ਆਵਾਜ਼ਿ ਕੌਮ
AWAZE QAUM
International Newspaper & WEB TV




ਆਵਾਜ਼ਿ ਕੌਮ
AWAZE QAUM
International Newspaper & WEB TV

# ਕਵੈਂਟਰੀ ਇੰਗਲੈਂਡ

**ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਦੇ ਸੇਵਾਦਾਰ ਭਾਈ ਜਗਰੂਪ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਜਸਵੀਰ ਸਿੰਘ**

ਭਾਈ ਹਰਵਿੰਦਰ ਸਿੰਘ, ਭਾਈ ਪ੍ਰਭਜੀਤ ਸਿੰਘ,ਦੀਪਾ ਸਿੰਘ, ਭਾਈ ਕੁਲਵੰਤ ਸਿੰਘ ਆਦਿ ਸਿੰਘ ਜੋ ਇੰਗਲੈਂਡ ਵਿੱਚ ਪਾਰਟੀ ਦਾ ਪ੍ਰਚਾਰ ਵਿਸਾਰ ਕਰ ਰਹੇ ਹਨ। ਕਵੈਂਟਰੀ, ਲੰਦਨ, ਡਰਬੀ,ਲੂਟਨ ਤੇ ਵੂਲਬਰਹਮਟਨ ਸ਼ਹਿਰਾਂ ਵਿੱਚੋਂ ਸਿੰਘਾ ਨੇ ਸੰਤਾਂ ਦੇ ਜਨਮ ਦਿਆੜੇ 2 ਜੂਨ ਸੰਗਤਾਂ ਨੂੰ ਵੱਧ ਚੜ੍ਹ ਕੇ ਪਹੁੰਚਣ ਦੀ ਅਪੀਲ ਕੀਤੀ ਹੈ ।

**ਇੰਗਲੈਂਡ ਤੋਂ ਹਮੇਸ਼ਾ ਹੀ ਵੱਡਾ ਸਹਿਯੋਗ ਦਿੱਤਾ ਜਾਂਦਾ ਹੈ ।**

**ਅਕਾਲੀ ਦਲ ਵਾਰਿਸ ਪੰਜਾਬ ਦੇ ਯੂ. ਕੇ. ਟੀਮ**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਜੋੜ ਮੇਲਾ ਪਾ: ਛੇਂਵੀ ਪਿੰਡ ਸੁਰਸਿੰਘ (ਅੰਮ੍ਰਿਤਸਰ) ☛ ਬਰਸੀ ਬਾਬਾ ਖੜਕ ਸਿੰਘ ਜੀ ਬੀੜ ਬਾਬਾ ਬੁੱਢਾ ਸਾਹਿਬ ਜੀ ਅੰਮ੍ਰਿਤਸਰ ☛ ਇਤਿਹਾਸ ਸ਼੍ਰੀ ਹੇਮਕੁੰਟ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

● ਸ਼ੁੱਕਰਵਾਰ 29 ਮਈ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸੱਜਣਗੇ ।● ਸ਼ਨਿੱਚਰਵਾਰ 30 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 31 ਮਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਯੋਧਾ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਕੈਪਟਨ ਅਮਰਿੰਦਰ ਸਿੰਘ ਦੇ ਬਿਆਨ 'ਤੇ ਪ੍ਰਤੀਕਿਰਿਆ

# ਭਾਜਪਾ ਦੀ ਸੰਗਠਨਾਤਮਿਕ ਤਾਕਤ ਅਤੇ ਹਾਈਕਮਾਨ ਦੇ ਫ਼ੈਸਲੇ ਸਮੇਂ ਦੀ ਕਸੌਟੀ 'ਤੇ ਹਮੇਸ਼ਾ ਖਰੇ ਉਤਰੇ ਹਨ : ਪ੍ਰੋ. ਸਰਚਾਂਦ ਸਿੰਘ ਖਿਆਲਾ




**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਾਬਕਾ ਮੁੱਖ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਨੇਤਾ ਕੈਪਟਨ ਅਮਰਿੰਦਰ ਸਿੰਘ ਵੱਲੋਂ ਭਾਜਪਾ ਦੇ ਨਵੇਂ ਸੂਬਾ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਦੀ ਨਿਯੁਕਤੀ ਸਬੰਧੀ ਦਿੱਤੇ ਬਿਆਨਾਂ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਭਾਜਪਾ ਇੱਕ ਵਿਅਕਤੀ-ਕੇਂਦਰਿਤ ਨਹੀਂ, ਸਗੋਂ ਵਿਚਾਰਧਾਰਾ ਅਤੇ ਸੰਗਠਨ-ਕੇਂਦਰਿਤ ਪਾਰਟੀ ਹੈ, ਜਿੱਥੇ ਫ਼ੈਸਲੇ ਵਿਅਕਤੀਗਤ ਪਸੰਦ-ਨਾਪਸੰਦ ਦੀ ਬਜਾਏ ਪਾਰਟੀ ਦੇ ਲੰਮੇ ਅਨੁਭਵ, ਸੰਗਠਨਾਤਮਿਕ ਲੋੜਾਂ ਅਤੇ ਭਵਿੱਖੀ ਰਣਨੀਤੀ ਨੂੰ ਧਿਆਨ ਵਿੱਚ ਰੱਖ ਕੇ ਕੀਤੇ ਜਾਂਦੇ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅਤੇ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨੇ ਪਿਛਲੇ ਇੱਕ ਦਹਾਕੇ ਦੌਰਾਨ ਜੋ ਵੀ ਰਾਜਨੀਤਿਕ ਅਤੇ ਸੰਗਠਨਾਤਮਿਕ ਫ਼ੈਸਲੇ ਕੀਤੇ ਹਨ, ਉਨ੍ਹਾਂ ਦੀ ਸਫ਼ਲਤਾ ਨੂੰ ਦੇਸ਼ ਦੇ ਲੋਕਾਂ ਨੇ ਵਾਰ-ਵਾਰ ਚੋਣ ਨਤੀਜਿਆਂ ਰਾਹੀਂ ਪ੍ਰਮਾਣਿਤ ਕੀਤਾ ਹੈ। ਇਸੇ ਤਰ੍ਹਾਂ ਸ. ਕੇਵਲ ਸਿੰਘ ਢਿੱਲੋਂ ਦੀ ਨਿਯੁਕਤੀ ਵੀ ਉਸੇ ਵਿਆਪਕ ਰਾਜਨੀਤਿਕ ਦ੍ਰਿਸ਼ਟੀ ਅਤੇ ਦੂਰਅੰਦੇਸ਼ੀ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਸ. ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਪੰਜਾਬ ਭਾਜਪਾ ਹੋਰ ਮਜ਼ਬੂਤ ਹੋਵੇਗੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ "ਵਿਕਸਿਤ ਭਾਰਤ-ਵਿਕਸਿਤ ਪੰਜਾਬ" ਦੇ ਸੁਪਨੇ ਨੂੰ ਸਾਕਾਰ ਕਰਨ ਲਈ ਨਵੇਂ ਜੋਸ਼ ਨਾਲ ਅੱਗੇ ਵਧੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਖਿਆਲਾ ਨੇ ਕਿਹਾ ਕਿ ਕਿਸੇ ਵੀ ਲੋਕਤੰਤਰਿਕ ਪਾਰਟੀ ਵਿੱਚ ਅਹੁਦਿਆਂ ਦੀ ਚੋਣ ਕੇਵਲ ਜਾਤੀਗਤ ਗਣਿਤ ਦੇ ਆਧਾਰ 'ਤੇ ਨਹੀਂ ਹੁੰਦੀ। ਭਾਜਪਾ ਨੇ ਹਮੇਸ਼ਾ ਯੋਗਤਾ ਅਤੇ ਸਮਾਜਿਕ ਸਮਾਵੇਸ਼ਤਾ ਵਿਚਕਾਰ ਸੰਤੁਲਨ ਬਣਾਇਆ ਹੈ। ਪੰਜਾਬ ਵਰਗੇ ਬਹੁ-ਪੱਖੀ ਸਮਾਜ ਵਿੱਚ ਹਰ ਵਰਗ ਦੀ ਭਾਗੀਦਾਰੀ ਅਤੇ ਨੁਮਾਇੰਦਗੀ ਨੂੰ ਭਾਜਪਾ ਵੱਲੋਂ ਮਹੱਤਵ ਦੇਣਾ ਲੋਕਤੰਤਰ ਦੀ ਮਜ਼ਬੂਤੀ ਦਾ ਹਿੱਸਾ ਹੈ।

ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰੇ ਨਾਲ ਸੰਬੰਧਿਤ ਸ. ਕੇਵਲ ਸਿੰਘ ਢਿੱਲੋਂ ਪੰਜਾਬ ਦੀ ਰਾਜਨੀਤੀ ਵਿੱਚ ਲੰਮੇ ਸਮੇਂ ਦਾ ਤਜਰਬਾ, ਵਿਸ਼ਾਲ ਜਨ-ਸੰਪਰਕ ਅਤੇ ਸੰਗਠਨ ਖੜ੍ਹਾ ਕਰਨ ਦੀ ਸਮਰੱਥਾ ਰੱਖਣ ਵਾਲੇ ਆਗੂ ਹਨ। ਵੱਖ-ਵੱਖ ਖੇਤਰਾਂ ਅਤੇ ਵਰਗਾਂ ਵਿੱਚ ਕੰਮ ਕਰਕੇ ਉਨ੍ਹਾਂ ਨੇ ਆਪਣੀ ਵਿਲੱਖਣ ਪਛਾਣ ਬਣਾਈ ਹੈ। ਇਸ ਕਾਰਨ ਉਹ ਭਾਜਪਾ ਦੀਆਂ ਰਾਜਨੀਤਿਕ ਉਮੀਦਾਂ ਨੂੰ ਪੂਰਾ ਕਰਨ ਅਤੇ ਸਾਰਥਕ ਨਤੀਜੇ ਦੇਣ ਦੇ ਸਮਰੱਥ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰਾਸ਼ਟਰੀ ਪ੍ਰਧਾਨ ਸ਼੍ਰੀ ਨਿਤਿਨ ਨਬੀਨ ਦੀ ਕੇਂਦਰੀ ਲੀਡਰਸ਼ਿਪ ਨੇ ਸ. ਕੇਵਲ ਸਿੰਘ ਢਿੱਲੋਂ ਦੀ ਬਹੁਪੱਖੀ ਯੋਗਤਾ 'ਤੇ ਭਰੋਸਾ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਸੂਬਾਈ ਪ੍ਰਧਾਨ ਨਿਯੁਕਤ ਕਰਕੇ ਇਹ ਸੰਦੇਸ਼ ਦਿੱਤਾ ਹੈ ਕਿ ਪਾਰਟੀ ਪੰਜਾਬ ਦੇ ਹਰ ਵਰਗ ਅਤੇ ਹਰ ਖੇਤਰ ਤੱਕ ਆਪਣਾ ਵਿਸਥਾਰ ਕਰਨ ਲਈ ਦ੍ਰਿੜ ਸੰਕਲਪਿਤ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦਾ ਹਰ ਕਾਰਕੁਨ ਕੇਂਦਰੀ ਲੀਡਰਸ਼ਿਪ ਦੇ ਫ਼ੈਸਲਿਆਂ 'ਤੇ ਪੂਰਾ ਭਰੋਸਾ ਰੱਖਦਾ ਹੈ ਅਤੇ ਸਮਾਂ ਇਨ੍ਹਾਂ ਫ਼ੈਸਲਿਆਂ ਦੀ ਸਾਰਥਕਤਾ ਨੂੰ ਸਾਬਤ ਕਰੇਗਾ।

ਕੈਪਟਨ ਅਮਰਿੰਦਰ ਸਿੰਘ ਵੱਲੋਂ ਭਾਜਪਾ ਦੇ ਕੇਂਦਰੀਕ੍ਰਿਤ ਢਾਂਚੇ ਸਬੰਧੀ ਕੀਤੀ ਟਿੱਪਣੀ 'ਤੇ ਪ੍ਰਤੀਕਿਰਿਆ ਦਿੰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਦੀ ਸਭ ਤੋਂ ਵੱਡੀ ਤਾਕਤ ਹੀ ਉਸ ਦਾ ਅਨੁਸ਼ਾਸਿਤ ਅਤੇ ਰਾਸ਼ਟਰੀ ਦ੍ਰਿਸ਼ਟੀ ਵਾਲਾ ਸੰਗਠਨ ਹੈ। ਜਦੋਂ ਪਾਰਟੀ ਦਾ ਇੱਕੋ ਜਿਹਾ ਵਿਜ਼ਨ ਕਸ਼ਮੀਰ ਤੋਂ ਕੰਨਿਆਕੁਮਾਰੀ ਅਤੇ ਕੱਛ ਤੋਂ ਕਾਮਰੂਪ ਤੱਕ ਲਾਗੂ ਹੁੰਦਾ ਹੈ ਤਾਂ ਇਹ ਕੇਂਦਰੀਕਰਨ ਨਹੀਂ, ਸਗੋਂ ਸੰਗਠਨਾਤਮਿਕ ਏਕਤਾ ਅਤੇ ਨੀਤੀਗਤ ਸਪਸ਼ਟਤਾ ਦਾ ਪ੍ਰਤੀਕ ਹੁੰਦਾ ਹੈ। ਇਸੇ ਮਾਡਲ ਨੇ ਭਾਜਪਾ ਨੂੰ ਦੁਨੀਆ ਦੀ ਸਭ ਤੋਂ ਵੱਡੀ ਲੋਕਤੰਤਰਿਕ ਪਾਰਟੀ ਬਣਾਇਆ ਹੈ। ਪਾਰਟੀ ਦੀ ਰਾਜਨੀਤੀ ਸਿਧਾਂਤਾਂ, ਵਿਕਾਸ ਅਤੇ ਰਾਸ਼ਟਰਹਿਤ 'ਤੇ ਆਧਾਰਿਤ ਹੈ।

ਕੈਪਟਨ ਅਮਰਿੰਦਰ ਸਿੰਘ ਵੱਲੋਂ ਅਕਾਲੀ ਦਲ ਨਾਲ ਗੱਠਜੋੜ ਦੀ ਵਕਾਲਤ 'ਤੇ ਪ੍ਰੋ. ਖਿਆਲਾ ਨੇ ਕਿਹਾ ਕਿ ਗੱਠਜੋੜਾਂ ਬਾਰੇ ਫ਼ੈਸਲੇ ਸਮੇਂ ਅਤੇ ਹਾਲਾਤਾਂ ਅਨੁਸਾਰ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਕਰਦੀ ਹੈ ਅਤੇ ਉਸ ਦੇ ਹਰ ਫ਼ੈਸਲੇ ਦਾ ਆਧਾਰ ਰਾਸ਼ਟਰਹਿਤ ਅਤੇ ਜਨਹਿਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸੰਗਠਨ ਦੀ ਸਖ਼ਤ ਮਿਹਨਤ ਸਦਕਾ ਭਾਜਪਾ ਕੋਲ ਅੱਜ ਪੰਜਾਬ ਵਿੱਚ ਜ਼ਮੀਨੀ ਪੱਧਰ ਦਾ ਮਜ਼ਬੂਤ ਢਾਂਚਾ ਅਤੇ ਲੋੜੀਂਦਾ ਮਜ਼ਬੂਤ ਕਾਡਰ ਮੌਜੂਦ ਹੈ।

ਉਨ੍ਹਾਂ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਲੋਕ ਸਭਾ ਚੋਣਾਂ, ਜ਼ਿਮਨੀ ਚੋਣਾਂ, ਪੰਚਾਇਤੀ ਚੋਣਾਂ ਅਤੇ ਸਥਾਨਕ ਸਰਕਾਰਾਂ ਦੀਆਂ ਚੋਣਾਂ ਵਿੱਚ ਭਾਜਪਾ ਦਾ ਪ੍ਰਦਰਸ਼ਨ ਉਮੀਦਾਂ ਤੋਂ ਬਿਹਤਰ ਰਿਹਾ ਹੈ। ਇਹ ਇਸ ਗੱਲ ਦਾ ਪ੍ਰਮਾਣ ਹੈ ਕਿ ਭਾਜਪਾ ਪੰਜਾਬ ਵਿੱਚ ਲਗਾਤਾਰ ਆਪਣੇ ਸੰਗਠਨ ਦਾ ਵਿਸਥਾਰ ਕਰ ਰਹੀ ਹੈ ਅਤੇ ਪਿੰਡਾਂ, ਕਿਸਾਨਾਂ, ਨੌਜਵਾਨਾਂ, ਮਹਿਲਾਵਾਂ, ਅਨੁਸੂਚਿਤ ਜਾਤੀਆਂ ਅਤੇ ਘੱਟ ਗਿਣਤੀਆਂ ਵਿੱਚ ਆਪਣੀ ਪਹੁੰਚ ਨੂੰ ਮਜ਼ਬੂਤ ਕਰ ਰਹੀ ਹੈ। ਅੱਜ ਭਾਜਪਾ ਪੰਜਾਬ ਵਿੱਚ ਇੱਕ ਵਿਕਲਪ ਅਤੇ ਭਰੋਸੇਯੋਗ ਰਾਜਨੀਤਿਕ ਸ਼ਕਤੀ ਵਜੋਂ ਉੱਭਰ ਚੁੱਕੀ ਹੈ। ਭਾਜਪਾ ਆਪਣੇ ਬਲਬੂਤੇ 'ਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਦਾ ਵਿਸ਼ਵਾਸ ਹਾਸਲ ਕਰੇਗੀ ਅਤੇ ਸਰਕਾਰ ਬਣਾਏਗੀ।

ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਅੱਜ ਗੰਭੀਰ ਆਰਥਿਕ ਮੰਦਹਾਲੀ, ਖੇਤੀਬਾੜੀ ਸੰਕਟ, ਨਸ਼ਿਆਂ ਦੀ ਸਮੱਸਿਆ, ਸਮਾਜਿਕ ਵਿਗਾੜ ਅਤੇ ਕਾਨੂੰਨ ਵਿਵਸਥਾ ਦੀਆਂ ਚੁਨੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਇਸ ਤੋਂ ਇਲਾਵਾ ਪਾਕਿਸਤਾਨ ਨਾਲ ਲੱਗਦੀ ਸਰਹੱਦ ਕਾਰਨ ਸੁਰੱਖਿਆ ਸਬੰਧੀ ਚਿੰਤਾਵਾਂ ਵੀ ਵਧੀਆਂ ਹਨ। ਪੰਜਾਬ ਨੂੰ ਮੁੜ ਵਿਕਾਸ, ਨਿਵੇਸ਼, ਰੋਜ਼ਗਾਰ ਅਤੇ ਸੁਰੱਖਿਆ ਦੇ ਰਾਹ 'ਤੇ ਲਿਆਉਣ ਦੀ ਲੋੜ ਹੈ। ਅਜਿਹੇ ਸਮੇਂ ਵਿਅਕਤੀਗਤ ਅਸਹਿਮਤੀਆਂ ਜਾਂ ਅਹੁਦਿਆਂ ਬਾਰੇ ਚਰਚਾ ਕਰਨ ਦੀ ਬਜਾਏ ਸੂਬੇ ਦੇ ਭਵਿੱਖ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ 'ਤੇ ਧਿਆਨ ਕੇਂਦਰਿਤ ਕਰਨ ਦੀ ਲੋੜ ਹੈ।

ਵਿਦਾਇਗੀ 'ਤੇ ਵਿਸ਼ੇਸ਼

# ਮਿਹਨਤ, ਸਾਦਗੀ ਅਤੇ ਮਿਲਾਪੜੇ ਸੁਭਾਅ ਦੀ ਮਿਸਾਲ- ਮਾਸਟਰ ਸੁਖਜੀਤ ਸਿੰਘ ਨੱਤ



ਮਾਸਟਰ ਸੁਖਜੀਤ ਸਿੰਘ ਜੀ ਦਾ ਜਨਮ ਮਾਤਾ ਸਰਦਾਰਨੀ ਗੁਰਦੇਵ ਕੌਰ ਜੀ ਦੀ ਕੁੱਖੋਂ ਪਿਤਾ ਸਰਦਾਰ ਭਰਪੂਰ ਸਿੰਘ ਜੀ ਦੇ ਘਰ 2 ਮਈ 1968 ਨੂੰ ਨੱਤ ਪਿੰਡ ਜ਼ਿਲ੍ਹਾ ਬਠਿੰਡਾ ਵਿਖੇ ਹੋਇਆ। ਆਪ ਜੀ ਦਾ ਵਿਆਹ ਫੂਲ ਟਾਊਨ ਦੀ ਜੰਮਪਲ ਕਿਰਨਪਾਲ ਕੌਰ ਨਾਲ ਹੋਇਆ। ਆਪ ਜੀ ਦਾ ਇੱਕ ਬੇਟਾ ਨਵਦੀਪ ਸਿੰਘ ਕਨੇਡਾ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV

ਦੂਜਾ ਬੇਟਾ ਅਰਸ਼ਦੀਪ ਸਿੰਘ ਘਰ ਦਾ ਕਾਰੋਬਾਰ ਸੰਭਾਲ ਰਿਹਾ ਹੈ। ਆਪ ਜੀ ਈਟੀਟੀ, ਐੱਮ.ਏ.,ਬੀਐੱਡ ਕਰਨ ਉਪਰੰਤ 21 ਦਸੰਬਰ 1993 ਨੂੰ ਸਿੱਖਿਆ ਵਿਭਾਗ ਵਿੱਚ ਬਤੌਰ ਈਟੀਟੀ ਟੀਚਰ ਸਰਕਾਰੀ ਪ੍ਰਾਇਮਰੀ ਸਕੂਲ ਕਸਾਈਵਾੜਾ (ਰਾਮਨਗਰ) ਜ਼ਿਲ੍ਹਾ ਬਠਿੰਡਾ ਵਿਖੇ ਨਿਯੁਕਤ ਹੋ ਗਏ। ਬਤੌਰ ਪ੍ਰਾਇਮਰੀ ਅਧਿਆਪਕ ਸਪਸ ਮਾਖਾ, ਸਪਸ ਜੋਧਪੁਰ ਪਾਖਰ ਅਤੇ ਸਪਸ ਲਾਲੇਆਣਾ ਵਿਖੇ ਸੇਵਾਵਾਂ ਨਿਭਾਉਣ ਉਪਰੰਤ ਆਪ ਜੀ 5 ਫਰਵਰੀ 2004 ਨੂੰ ਬਤੌਰ ਪੰਜਾਬੀ ਅਧਿਆਪਕ ਪਦਉੱਨਤ ਹੋ ਗਏ। ਬਤੌਰ ਪੰਜਾਬੀ ਮਾਸਟਰ ਸਅਸ ਧਿੰਗੜ,ਸਹਸ ਨਥੇਹਾ ਡਿਊਟੀ ਨਿਭਾਉਂਦਿਆਂ ਸਿੱਖਿਆ ਵਿਭਾਗ ਵਿੱਚ ਵਧੀਆ ਕਾਰਗੁਜ਼ਾਰੀ ਬਦਲੇ ਇਨ੍ਹਾਂ ਦੀ ਇੱਛਾ ਅਨੁਸਾਰ 8 ਅਪ੍ਰੈਲ 2008 ਨੂੰ ਇਨ੍ਹਾਂ ਦੀ ਬਦਲੀ ਨੇੜਲੇ ਪਿੰਡ (ਜਿਥੋਂ ਆਪਜੀ ਨੇ ਮੁੱਢਲੀ ਸਿੱਖਿਆ ਪ੍ਰਾਪਤ ਕੀਤੀ ਸੀ) ਸਮਸ ਬੁਰਜ ਸੇਮਾਂ ਵਿਖੇ ਹੋ ਗਈ। ਫਿਰ ਕੀ ਸੀ,ਉਸੇ ਦਿਨ ਤੋਂ ਹੀ ਇਸ ਭੂੰਮੀ ਦਾ ਕਰਜ਼ ਉਤਾਰਨ ਲਈ ਸੁਰਤ ਇਸ ਸੰਸਥਾ ਨਾਲ ਜੋੜ ਲਈ। ਜਿਵੇਂ ਕਿਹਾ ਜਾਂਦਾ ਹੈ ਅਧਿਆਪਕ ਆਪ ਜਲ ਕੇ ਦੂਜਿਆਂ ਨੂੰ ਰੌਸ਼ਨ ਕਰਦਾ ਹੈ, ਸਿੱਧ ਕਰਨ ਦੀ ਕੋਸ਼ਿਸ਼ ਕੀਤੀ। ਸਕੂਲ ਦੀ ਤਰੱਕੀ ਲਈ ਦਿਨ ਰਾਤ ਇੱਕ ਕੀਤਾ। ਚਰਨਜੀਤ ਸਿੰਘ ਚੰਨੀ ਦੀ ਸਰਕਾਰ ਵੇਲੇ ਆਪ ਜੀ ਨੇ ਬਤੌਰ ਇੰਚਾਰਜ ਹੁੰਦਿਆਂ ਸਕੂਲ ਨੂੰ ਹਾਈ ਸਕੂਲਾਂ ਵਾਲ਼ੀ ਸ਼੍ਰੇਣੀ ਵਿੱਚ ਸ਼ਾਮਲ ਕਰਵਾ ਲਿਆ, ਆਪਣੇ ਬਲਬੂਤੇ ਤੇ ਨੌਵੀਂ, ਦਸਵੀਂ ਕਲਾਸ ਵਿੱਚ ਦਾਖਲੇ ਕਰ ਲਏ। ਸਰਕਾਰ ਵੱਲੋਂ ਇਸ ਹਾਈ ਸਕੂਲ ਲਈ ਕੋਈ ਪੋਸਟ ਨਾ ਦਿੱਤੀ, ਆਪ ਅਡੋਲ ਰਹੇ। ਆਪ ਨੇ ਆਪਣੇ ਪੱਧਰ 'ਤੇ ਵਲੰਟੀਅਰ ਅਧਿਆਪਕਾਂ ਦਾ ਪ੍ਰਬੰਧ ਕਰ ਲਿਆ ਅਤੇ ਦ੍ਰਿੜ ਇਰਾਦੇ ਨਾਲ ਹਾਈ ਕਲਾਸਾਂ ਦੇ ਉੱਚ ਪੱਧਰੀ ਨਤੀਜੇ ਆਉਂਦੇ ਰਹੇ। ਸੈਂਕੜੇ ਵਿਦਿਆਰਥੀ ਇਥੋਂ ਪੜ ਕੇ ਸਫਲ ਜ਼ਿੰਦਗੀ ਬਤੀਤ ਕਰ ਰਹੇ ਹਨ। ਪਿੰਡ ਦੇ ਲੋਕਾਂ ਅਤੇ ਵਿਦਿਆਰਥੀਆਂ ਨਾਲ ਕੀਤੀ ਵਚਨਬੱਧਤਾ ਤੇ ਪਹਿਰਾ ਦਿੰਦਿਆਂ ਆਪ ਨੇ ਆਪਣੀਆਂ ਛੁੱਟੀਆਂ ਲੈਣੀਆਂ ਬੰਦ ਕਰ ਦਿੱਤੀਆਂ ਸਗੋਂ ਆਪਣੀ ਪਤਨੀ ਨੂੰ ਵੀ ਬਿਨਾਂ ਕਿਸੇ ਤਨਖਾਹ ਦੇ ਆਪਣੇ ਸਕੂਲ ਵਿੱਚ ਬੱਚਿਆਂ ਨੂੰ ਮੁਫ਼ਤ ਪੜ੍ਹਾਉਣ ਲਗਾ ਲਿਆ। ਵਿਲੱਖਣਤਾ ਇਹ ਵੀ ਹੈ ਕਿ ਇੰਨਾ ਨੇ ਅੱਜ ਤੱਕ ਕੋਈ ਵੀ ਮੈਡੀਕਲ ਛੁੱਟੀ ਨਹੀਂ ਲਈ ਅਤੇ 240 ਛੁੱਟੀਆਂ ਸਕੂਲ ਦੇ ਲੇਖੇ ਲਾ ਦਿੱਤੀਆਂ। ਸਕੂਲ ਦੀ ਡਿਵੈਲਪਮੈਂਟ ਵਿਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ। ਹਰ ਇੱਕ ਦੇ ਦੁੱਖ ਸੁੱਖ ਦੇ ਸਾਂਝੀ, ਸੱਚ ਨਾਲ ਚਟਾਨ ਵਾਂਗ ਖੜ੍ਹਨ ਵਾਲੇ, ਹਸਮੁੱਖ, ਮਖੌਲੀਏ ਸੁਭਾਅ, ਮਿਹਨਤ ਵਿੱਚ ਵਿਸ਼ਵਾਸ ਰੱਖਣ ਵਾਲੇ ਅਤੇ ਮਹਿਫਲਾਂ ਦੀ ਸ਼ਾਨ ਸਮਝੇ ਜਾਂਦੇ ਸੁਖਜੀਤ ਸਿੰਘ ਨੱਤ ਅੱਜ ਆਪਣੀ ਲਗਭਗ ਸਾਢੇ ਬੱਤੀ ਸਾਲ ਆਨ ਅਤੇ ਸ਼ਾਨ ਨਾਲ ਸੇਵਾ ਕਰਕੇ ਸਿੱਖਿਆ ਵਿਭਾਗ ਵਿੱਚੋਂ ਸੇਵਾ ਨਵਿਰਤ ਹੋ ਰਹੇ ਹਨ। ਪ੍ਰਮਾਤਮਾ ਇੰਨਾ ਨੂੰ ਹੋਰ ਚੜ੍ਹਦੀ ਕਲਾ ਅਤੇ ਤੰਦਰੁਸਤੀਆਂ ਬਖਸ਼ੇ।

**-ਗੁਰਜੰਟ ਸਿੰਘ ਨਥੇਹਾ , ਤਲਵੰਡੀ ਸਾਬੋ। 8968727272**

# ਧੂਰੀ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਾਰ ਸਾਲ ਦੌਰਾਨ ਕੀਤੇ ਕੰਮਾਂ 'ਤੇ ਲਈ ਮੋਹਰ : ਓ.ਐਸ.ਡੀ. ਸੁਖਵੀਰ ਸਿੰਘ

## ਵਾਰਡ ਨੰਬਰ 7 ਤੋਂ ਸਿਮਰਨ ਨੇ ਜਿੱਤ ਕੇ ਰਚਿਆਂ ਇਤਿਹਾਸ



**ਧੂਰੀ ( ਰਣਜੀਤ ਸਿੰਘ ਪੇਧਨੀ )**-ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਵਿਕਾਸ ਕਾਰਜਾਂ 'ਤੇ ਨਗਰ ਕੌਂਸਲ ਧੂਰੀ ਦੀ ਚੋਣ ਦੌਰਾਨ ਆਪਣੀ ਮੋਹਰ ਲਗਾਈ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਜਿੱਤ ਲੋਕਾਂ ਦੇ ਭਰੋਸੇ ਅਤੇ ਸਰਕਾਰ ਵੱਲੋਂ ਕੀਤੇ ਗਏ ਇਮਾਨਦਾਰ ਕੰਮਾਂ ਦੀ ਜਿੱਤ ਹੈ ਸੁਖਵੀਰ ਸਿੰਘ ਨੇ ਧੂਰੀ ਦੇ ਲੋਕਾਂ ਵੱਲੋਂ ਦਿੱਤੇ ਭਰਪੂਰ ਸਮਰਥਨ ਲਈ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਹਰ ਇਕ ਵੋਟਰ ਦੀ ਜਿੱਤ ਹੈ, ਜਿਸ ਨੇ ਵਿਕਾਸ ਅਤੇ ਇਮਾਨਦਾਰੀ ਦੀ ਰਾਜਨੀਤੀ ਨੂੰ ਤਰਜੀਹ ਦਿੱਤੀ। ਉਨ੍ਹਾਂ ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁਲੀ, ਮੈਂਬਰ ਵਕਫ ਬੋਰਡ ਡਾ. ਅਨਵਰ ਭਸੌੜ, ਚੇਅਰਮੈਨ ਅਸ਼ੋਕ ਲੱਖਾ, ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਜੱਸੀ ਸੇਖੋਂ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰਹੇੜੀ, ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ ਅਤੇ ਸਤਿੰਦਰ ਸਿੰਘ ਚੱਠਾ ਸਮੇਤ ਆਮ ਆਦਮੀ ਪਾਰਟੀ ਦੇ ਸਾਰੇ ਆਗੂਆਂ ਅਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਪੁਲਿਸ ਵੱਲੋਂ ਸਿੱਖ ਸ਼ਸਤਰ ਜ਼ਬਤ ਕਰਦਿਆਂ ਪਰਚੇ ਦਰਜ਼ ਕਰਨੇ ਬੇਹੱਦ ਮੰਦਭਾਗਾ- ਐਡਵੋਕੇਟ ਧਾਮੀ



ਨਵੀਂ ਦਿੱਲੀ, 30 ਮਈ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸਿੱਖ ਸ਼ਰਧਾਲੂਆਂ, ਸ਼ਸਤਰ ਵੇਚਣ ਵਾਲੇ ਦੁਕਾਨਦਾਰਾਂ ਅਤੇ ਧਾਰਮਿਕ ਪ੍ਰੰਪਰਾਵਾਂ ਨਾਲ ਜੁੜੇ ਵਿਅਕਤੀਆਂ ਖਿਲਾਫ਼ ਦਰਜ ਕੀਤੇ ਗਏ ਪਰਚਿਆਂ ਅਤੇ ਵੱਡੀ ਗਿਣਤੀ ਵਿਚ ਕਿਰਪਾਨਾਂ ਤੇ ਸ਼ਸਤਰਾਂ ਨੂੰ ਜਬਤ ਕੀਤੇ ਜਾਣ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬੇਹੱਦ ਮੰਦਭਾਗਾ ਅਤੇ ਸਿੱਖ ਮਨਾਂ ਨੂੰ ਸੱਟ ਮਾਰਨ ਵਾਲੀ ਕਾਰਵਾਈ ਆਖਿਆ ਹੈ। ਮੀਡੀਆ ਨੂੰ ਜਾਰੀ ਕੀਤੇ ਪ੍ਰੈੱਸ ਬਿਆਨ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਧਰਮ ਅੰਦਰ ਸ਼ਸਤਰਾਂ ਦੀ ਅਹਿਮ ਮਹੱਤਤਾ ਹੈ ਅਤੇ ਗੁਰੂ ਸਾਹਿਬ ਨੇ ਹਰ ਸਿੱਖ ਨੂੰ ਸ਼ਸ਼ਤਰਧਾਰੀ ਹੋਣ ਦਾ ਆਦੇਸ਼ ਕੀਤਾ ਹੈ, ਇਸ ਲਈ ਸ਼ਸਤਰ ਸਿੱਖ ਰਹਿਣੀ ਦਾ ਅਹਿਮ ਅੰਗ ਹਨ। ਉਨ੍ਹਾਂ ਕਿਹਾ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਉਹ ਪਾਵਨ ਅਸਥਾਨ ਹੈ, ਜਿਥੇ ਸ਼ਸ਼ਤਰਾਂ ਦੀ ਸੇਵਾ ਅਤੇ ਸਤਿਕਾਰ ਸਦੀਆਂ ਤੋਂ ਸਿੱਖ ਪ੍ਰੰਪਰਾਵਾਂ ਦਾ ਅਟੁੱਟ ਹਿੱਸਾ ਰਿਹਾ ਹੈ। ਅਜਿਹੇ ਵਿਚ ਸਿੱਖਾਂ ਦੀ ਆਸਥਾ ਨਾਲ ਜੁੜੇ ਅਸਥਾਨ 'ਤੇ ਪ੍ਰਸ਼ਾਸਨ ਵੱਲੋਂ ਸਿੱਖ ਪ੍ਰੰਪਰਾਵਾਂ ਨੂੰ ਨਜ਼ਰਅੰਦਾਜ਼ ਕਰਦਿਆਂ ਕੀਤੀ ਗਈ ਕਾਰਵਾਈ ਨੇ ਸਿੱਖ ਕੌਮ ਅੰਦਰ ਵੱਡਾ ਰੋਸ ਪੈਦਾ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕਾਨੂੰਨ ਦੀ ਪਾਲਣਾ ਕਰਨਾ ਹਰ ਨਾਗਰਿਕ ਦਾ ਫ਼ਰਜ਼ ਹੈ, ਪ੍ਰੰਤੂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਸਿੱਖ ਧਰਮ ਦੀਆਂ ਧਾਰਮਿਕ ਭਾਵਨਾਵਾਂ, ਮਰਯਾਦਾ ਅਤੇ ਇਤਿਹਾਸਕ ਪ੍ਰੰਪਰਾਵਾਂ ਦਾ ਪੂਰਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਕੋਈ ਵੀ ਅਜਿਹੀ ਕਾਰਵਾਈ ਨਹੀਂ ਕਰਨੀ ਚਾਹੀਦੀ, ਜੋ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਹੋਵੇ। ਐਡਵੋਕੇਟ ਧਾਮੀ ਨੇ ਮਹਾਰਾਸ਼ਟਰ ਸਰਕਾਰ ਅਤੇ ਪ੍ਰਸ਼ਾਸਨ ਨੂੰ ਦਰਜ ਕੀਤੇ ਅਜਿਹੇ ਪਰਚੇ ਤੁਰੰਤ ਰੱਦ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਸਿੱਖ ਆਪਣੇ ਧਾਰਮਿਕ ਚਿੰਨ੍ਹਾਂ, ਸ਼ਸ਼ਤਰ ਪ੍ਰੰਪਰਾ ਅਤੇ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਵਿਲੱਖਣ ਪਛਾਣ 'ਤੇ ਹਮੇਸ਼ਾ ਦ੍ਰਿੜ੍ਹਤਾ ਨਾਲ ਪਹਿਰਾ ਦਿੰਦੇ ਹਨ ਅਤੇ ਸਰਕਾਰਾਂ ਨੂੰ ਵੀ ਸਿੱਖ ਪ੍ਰੰਪਰਾਵਾਂ ਦੀ ਮਾਣ-ਮਰਯਾਦਾ ਦਾ ਧਿਆਨ ਰੱਖਣਾ ਚਾਹੀਦਾ ਹੈ।




ਜਨਮ ਦਿਨ ਮੁਬਾਰਕ

ਅਰਨਾਜ ਕੌਰ ਬੋਪਾਰਾਏ

ਅੰਮ੍ਰਿਤਸਰ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਧੂਰੀ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ

# ਚਾਰ ਸਾਲ ਦੌਰਾਨ ਕੀਤੇ ਕੰਮਾਂ 'ਤੇ ਲਈ ਮੋਹਰ : ਓ.ਐਸ.ਡੀ. ਸੁਖਵੀਰ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਵਿਕਾਸ ਕਾਰਜਾਂ 'ਤੇ ਨਗਰ ਕੌਂਸਲ ਧੂਰੀ ਦੀ ਚੋਣ ਦੌਰਾਨ ਆਪਣੀ ਮੋਹਰ ਲਗਾਈ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਜਿੱਤ ਲੋਕਾਂ ਦੇ ਭਰੋਸੇ ਅਤੇ ਸਰਕਾਰ ਵੱਲੋਂ ਕੀਤੇ ਗਏ ਇਮਾਨਦਾਰ ਕੰਮਾਂ ਦੀ ਜਿੱਤ ਹੈ।

ਸੁਖਵੀਰ ਸਿੰਘ ਨੇ ਧੂਰੀ ਦੇ ਲੋਕਾਂ ਵੱਲੋਂ ਦਿੱਤੇ ਭਰਪੂਰ ਸਮਰਥਨ ਲਈ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਹਰ ਇਕ ਵੋਟਰ ਦੀ ਜਿੱਤ ਹੈ, ਜਿਸ ਨੇ ਵਿਕਾਸ ਅਤੇ ਇਮਾਨਦਾਰੀ ਦੀ ਰਾਜਨੀਤੀ ਨੂੰ ਤਰਜੀਹ ਦਿੱਤੀ।

ਉਨ੍ਹਾਂ ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁਲੀ, ਮੈਂਬਰ ਵਕਫ ਬੋਰਡ ਡਾ. ਅਨਵਰ ਭਸੌੜ, ਚੇਅਰਮੈਨ ਅਸ਼ੋਕ ਲੱਖਾ, ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਜੱਸੀ ਸੇਖੋਂ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰਹੇੜੀ, ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ ਅਤੇ ਸਤਿੰਦਰ ਸਿੰਘ ਚੱਠਾ ਸਮੇਤ ਆਮ ਆਦਮੀ ਪਾਰਟੀ ਦੇ ਸਾਰੇ ਆਗੂਆਂ ਅਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ।

**ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਵਾਸੀਆਂ ਵੱਲੋਂ ਦਿੱਤੇ ਸਮਰਥਨ ਲਈ ਕੀਤਾ ਧੰਨਵਾਦ**

ਉਨ੍ਹਾਂ ਕਿਹਾ ਕਿ ਵਲੰਟੀਅਰਾਂ ਵੱਲੋਂ ਕੀਤੀ ਗਈ ਦਿਨ-ਰਾਤ ਮਿਹਨਤ, ਘਰ-ਘਰ ਜਾ ਕੇ ਲੋਕਾਂ ਨਾਲ ਕੀਤਾ ਸੰਪਰਕ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦੀ ਲਗਨ ਸਦਕਾ ਹੀ ਨਗਰ ਕੌਂਸਲ ਚੋਣਾਂ ਵਿੱਚ ਪਾਰਟੀ ਨੇ 21 ਵਿੱਚੋਂ 19 ਸੀਟਾਂ ਜਿੱਤਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।

ਸੁਖਵੀਰ ਸਿੰਘ ਨੇ ਵਿਸ਼ਵਾਸ ਜਤਾਇਆ ਕਿ ਆਮ ਆਦਮੀ ਪਾਰਟੀ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲੋਕਾਂ ਦੀ ਸੇਵਾ ਕਰਦੀ ਰਹੇਗੀ ਅਤੇ ਧੂਰੀ ਦੇ ਵਿਕਾਸ ਨੂੰ ਨਵੀਆਂ ਉਚਾਈਆਂ ਤੱਕ ਲੈ ਕੇ ਜਾਵੇਗੀ।

### ਧੂਰੀ ਨਗਰ ਕੌਂਸਲ ਚੋਣਾਂ ਆਪ ਨੇ 21 ਵਿੱਚੋਂ 19 ਵਾਰਡਾਂ 'ਚ ਗੱਡੇ ਜਿੱਤ ਦੇ ਝੰਡੇ

# ਅਜੇ ਪਰੋਚਾ ਅਤੇ ਪੁਸਪਾ ਰਾਣੀ ਨੇ ਆਜਾਦ ਜਿੱਤ ਕੇ ਰਚਿਆ ਇਤਿਹਾਸ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਨਗਰ ਕੌਂਸਲ ਚੋਣਾਂ ਦੇ ਨਤੀਜਿਆਂ ਵਿੱਚ ਆਮ ਆਦਮੀ ਪਾਰਟੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਦੀ ਅਗਵਾਈ ਹੇਠ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 21 ਵਿੱਚੋਂ 19 ਵਾਰਡਾਂ ਵਿੱਚ ਜਿੱਤ ਦਰਜ ਕਰਕੇ ਇਤਿਹਾਸ ਰਚਿਆ ਹੈ। ਉੱਥੇ ਹੀ ਦੋ ਆਜ਼ਾਦ ਉਮੀਦਵਾਰਾਂ ਨੇ ਸਰਕਾਰ ਦੇ ਖਿਲਾਫ ਜੰਗ ਲੜਦਿਆਂ ਮੋਰਚਾ ਜਿੱਤਿਆ ਹੈ। ਚੋਣ ਨਤੀਜਿਆਂ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦਿਖਾਈ ਦਿੱਤੀ ਵਾਰਡ ਨੰਬਰ 1 ਤੋਂ ਮਨਜੀਤ ਕੌਰ, ਵਾਰਡ ਨੰਬਰ 2 ਤੋਂ ਪੁਸ਼ਿਪੰਦਰ ਕੁਮਾਰ, ਵਾਰਡ ਨੰਬਰ 3 ਤੋਂ ਕਿਰਨ ਸ਼ਰਮਾ, ਵਾਰਡ ਨੰਬਰ 4 ਤੋਂ ਐਡਵੋਕੇਟ ਰਾਜੀਵ ਵਰਮਾ ਬਿੱਲ, ਵਾਰਡ ਨੰਬਰ 5 ਤੋਂ ਸਸ਼ੀਲ ਰਾਣੀ, ਵਾਰਡ ਨੰਬਰ 6 ਤੋਂ ਅਸ਼ਵਨੀ ਕੁਮਾਰ ਧੀਰ, ਵਾਰਡ ਨੰਬਰ 7 ਤੋਂ ਸਿਮਰਨ, ਵਾਰਡ ਨੰਬਰ 9 ਤੋਂ ਅਮਨਦੀਪ ਕੌਰ, ਵਾਰਡ ਨੰਬਰ 10 ਤੋਂ ਵਿਕਰਾਂਤ ਸਿੰਘ ਚੱਠਾ, ਵਾਰਡ ਨੰਬਰ 11 ਤੋਂ ਸ਼ਸ਼ੀ ਰਾਣੀ, ਵਾਰਡ ਨੰਬਰ 12 ਤੋਂ ਜਸਵੀਰ ਸਿੰਘ, ਵਾਰਡ ਨੰਬਰ 13 ਤੋਂ ਆਸ਼ਾ ਰਾਣੀ, ਵਾਰਡ ਨੰਬਰ 14 ਤੋਂ ਸੰਦੀਪ ਕੁਮਾਰ, ਵਾਰਡ ਨੰਬਰ 15 ਤੋਂ ਕਮਲੇਸ਼ ਰਾਣੀ, ਵਾਰਡ ਨੰਬਰ 17 ਤੋਂ ਬਿੱਲਾ ਸਿੰਘ, ਵਾਰਡ ਨੰਬਰ 18 ਤੋਂ ਅਮਰਜੋਤ ਕੌਰ, ਵਾਰਡ ਨੰਬਰ 19 ਤੋਂ ਦਲੀਪ ਕੌਰ, ਵਾਰਡ ਨੰਬਰ 20 ਤੋਂ ਅਜੈਬ ਸਿੰਘ ਅਤੇ ਵਾਰਡ ਨੰਬਰ 21 ਤੋਂ ਭੁਪਿੰਦਰ ਸਿੰਘ ਨੇ ਜਿੱਤ ਹਾਸਲ ਕੀਤੀ। ਇਸ ਤੋਂ ਇਲਾਵਾ ਵਾਰਡ ਨੰਬਰ 8 ਤੋਂ ਅਜੈ ਕੁਮਾਰ ਪਰੋਚਾ ਲਗਾਤਾਰ ਤੀਸਰੀ ਵਾਰ ਆਜਾਦ ਜਿੱਤ ਕੇ ਰਿਕਾਰਡ ਕਾਇਮ ਕੀਤਾ ਅਤੇ ਵਾਰਡ ਨੰਬਰ 16 ਤੋਂ ਪੁਸ਼ਪਾ ਰਾਣੀ ਤਾਇਲ ਸਾਬਕਾ ਨਗਰ ਕੌਂਸਲ ਪ੍ਰਧਾਨ ਨੇ ਆਜ਼ਾਦ ਉਮੀਦਵਾਰ ਵਜੋਂ ਜਿੱਤ ਦਰਜ ਕੀਤੀ।

# ਕੇਂਦਰ ਅਤੇ ਪੰਜਾਬ ਸਰਕਾਰ ਪੈਟਰੋਲ, ਡੀਜਲ ਦੀਆਂ ਕੀਮਤਾਂ ਘਟਾ ਕੇ ਆਮ ਲੋਕਾਂ ਨੂੰ ਰਾਹਤ ਦੇਣ-ਕਮਲਜੀਤ ਸਿੰਘ ਚੱਕ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਦਿਨ ਬ ਦਿਨ ਦੇਸ਼ 'ਚ ਲਗਾਤਾਰ ਵੱਧ ਰਹੀਆਂ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਨੇ ਆਮ ਲੋਕਾਂ ਦੀ ਕਮਰ ਤੋੜ ਕੇ ਰੱਖ ਦਿੱਤੀ ਹੈ। ਇਸ ਨਾਲ ਕਿਸਾਨ, ਮਜ਼ਦੂਰ, ਛੋਟੇ ਵਪਾਰੀ ਤੇ ਮੱਧ ਵਰਗ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੇ ਹਨ। ਇਨਾ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਹਲਕਾ ਮਹਿਲ ਕਲਾਂ ਤੋਂ ਪਾਰਟੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਉੱਘੇ ਸਮਾਜ ਸੇਵੀ ਕਮਲਜੀਤ ਸਿੰਘ ਚੱਕ ਨੇ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਮਹਿੰਗਾਈ ਨੂੰ ਕਾਬੂ ਕਰਨ ਵਿਚ ਨਾਕਾਮ ਰਹੀ ਹੈ। ਪੈਟਰੋਲ ਤੇ ਡੀਜ਼ਲ ਮਹਿੰਗੇ ਹੋਣ ਕਾਰਨ ਟਰਾਂਸਪੋਰਟ ਦੇ ਖਰਚੇ ਵੱਧ ਰਹੇ ਹਨ, ਜਿਸ ਨਾਲ ਹਰ ਜ਼ਰੂਰੀ ਚੀਜ਼ ਦੀ ਕੀਮਤ ਵਿਚ ਇਜ਼ਾਫਾ ਹੋ ਰਿਹਾ ਹੈ ਤੇ ਹੋਲੀ-ਹੋਲੀ ਇਹ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕ ਪਹਿਲਾਂ ਹੀ ਬੇਰੁਜ਼ਗਾਰੀ ਤੇ ਆਰਥਿਕ ਤੰਗੀ ਨਾਲ ਜੂਝ ਰਹੇ ਹਨ, ਉਥੇ ਕੀਮਤਾਂ 'ਚ ਹੋ ਰਿਹਾ ਵਾਧਾ ਲੋਕਾਂ ਉੱਤੇ ਹੋਰ ਬੋਝ ਪਾ ਰਿਹਾ ਹੈ। ਉਨਾ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਿਰਫ਼ ਵੱਡੀਆਂ ਵੱਡੀਆਂ ਗੱਲਾਂ ਕਰਨੀਆਂ ਜਾਣਦੇ ਹਨ, ਜਦਕਿ ਅਸਲੀਅਤ ਵਿਚ ਦੇਸ਼ ਦੀ ਹਾਲਤ ਬਹੁਤ ਜ਼ਿਆਦਾ ਨਾਜ਼ੁਕ ਬਣੀ ਹੋਈ ਹੈ ਕਿਉਂਕਿ ਦੇਸ਼ ਦੀ ਅਰਥ ਵਿਵਸਥਾ ਲਗਾਤਾਰ ਕਮਜ਼ੋਰ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੱਛਮੀ ਦੇਸ਼ਾਂ ਵਿਚ ਜੰਗ ਦੇ ਹਾਲਾਤਾਂ ਕਰਕੇ ਦੇਸ਼ 'ਚ ਵੱਡਾ ਆਰਥਿਕ ਸੰਕਟ ਪੈਦਾ ਹੋ ਚੁੱਕਾ ਹੈ। ਪ੍ਰੰਤੂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਸੰਕਟ ਨੂੰ ਹੱਲ ਕਰਨ ਦੀ ਬਜਾਏ ਵੱਖ-ਵੱਖ ਦੇਸ਼ਾਂ ਦੀ ਸੈਰ ਕਰ ਰਹੇ ਹਨ, ਜਦਕਿ ਅਜਿਹੇ ਸਮੇਂ ਵਿਚ ਦੇਸ਼ ਦੀ ਅਰਥ ਵਿਵਸਥਾ ਨੂੰ ਬਹਾਲ ਰੱਖਣਾ ਸਭ ਤੋਂ ਮਹੱਤਵਪੂਰਨ ਕੰਮ ਹੈ, ਪ੍ਰੰਤੂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੇਸ਼ ਦੇ ਲੋਕਾਂ ਦੀ ਕੋਈ ਪਰਵਾਹ ਨਹੀਂ ਹੈ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿ.ਚ ਪੇਰੈਂਟਸ ਟੀਚਰ ਮੀਟਿੰਗ ਦਾ ਆਯੋਜਨ, ਵਿਦਿਆਰਥੀਆਂ ਦੀ ਪ੍ਰਗਤੀ ਬਾਰੇ ਵਿਸਥਾਰ ਨਾਲ ਚਰਚਾ



**ਫ਼ਿਰੋਜ਼ਪੁਰ, 30 ਮਈ (ਮਨੋਹਰ ਲਾਲ) :—** ਮੋਗਾ ਰੋਡ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਮਹਾਸਚਿਵ ਸ਼ਿਵਮ ਸ਼ਰਮਾ ਦੇ ਨਿਰਦੇਸ਼ਾਂ ਅਨੁਸਾਰ ਪੇਰੈਂਟਸ ਟੀਚਰ ਮੀਟਿੰਗ (ਪੀ.ਟੀ.ਐਮ) ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਦੀ ਅਕਾਦਮਿਕ ਕਾਰਗੁਜ਼ਾਰੀ, ਪ੍ਰੀਖਿਆ ਨਤੀਜਿਆਂ ਅਤੇ ਆਉਣ ਵਾਲੀਆਂ ਸਿੱਖਿਆਕ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਦੱਸਿਆ ਕਿ ਪੀ.ਟੀ.ਐਮ ਦਾ ਮੁੱਖ ਉਦੇਸ਼ ਪੀ.ਟੀ—1 ਪ੍ਰੀਖਿਆ ਦੇ ਨਤੀਜਿਆਂ ਤੋਂ ਮਾਪਿਆਂ ਨੂੰ ਜਾਣੂ ਕਰਵਾਉਣਾ ਅਤੇ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਗਤੀ ਸਬੰਧੀ ਜਾਣਕਾਰੀ ਸਾਂਝੀ ਕਰਨੀ ਹੈ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਕਿਹਾ ਸਕੂਲ ਵਿੱਚ ਆਯੋਜਿਤ ਹੋਣ ਵਾਲੀ ਪੇਰੈਂਟਸ ਟੀਚਰ ਮੀਟਿੰਗ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵੱਲ ਇੱਕ ਮਹੱਤਵਪੂਰਨ ਕੜੀ ਹੈ। ਮਾਪਿਆਂ ਅਤੇ ਅਧਿਆਪਕਾਂ ਦਰਮਿਆਨ ਨਿਯਮਿਤ ਸੰਵਾਦ ਰਾਹੀਂ ਬੱਚਿਆਂ ਦੀ ਸਿੱਖਿਆਕ ਪ੍ਰਗਤੀ ਦਾ ਸਹੀ ਮੁਲਾਂਕਣ ਕੀਤਾ ਜਾ ਸਕਦਾ ਹੈ ਅਤੇ ਉਨ੍ਹਾਂ ਦੀਆਂ ਯੋਗਤਾਵਾਂ ਨੂੰ ਹੋਰ ਨਿਖਾਰਣ ਵਿੱਚ ਮਦਦ ਮਿਲਦੀ ਹੈ। ਸਾਡਾ ਲਕਸ਼ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇ ਨਾਲ—ਨਾਲ ਉਤਮ ਸੰਸਕਾਰ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਭਵਿੱਖ ਵਿੱਚ ਸਫਲਤਾ ਦੇ ਨਵੇਂ ਮਾਪਦੰਡ ਸਥਾਪਿਤ ਕਰ ਸਕਣ। ਉਨ੍ਹਾਂ ਕਿਹਾ ਕਿ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੇ ਪ੍ਰਾਪਤ ਅੰਕਾਂ, ਕਲਾਸ ਵਿੱਚ ਉਨ੍ਹਾਂ ਦੇ ਪ੍ਰਦਰਸ਼ਨ ਅਤੇ ਵੱਖ—ਵੱਖ ਗਤੀਵਿਧੀਆਂ ਵਿੱਚ ਭਾਗੀਦਾਰੀ ਸਬੰਧੀ ਜਾਣਕਾਰੀ ਮਾਪਿਆਂ ਨਾਲ ਸਾਂਝੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨਾਲ ਗਰਮੀਆਂ ਦੀਆਂ ਛੁੱਟੀਆਂ ਲਈ ਦਿੱਤੇ ਗਏ ਹੋਮਵਰਕ ਅਤੇ ਛੁੱਟੀਆਂ ਦਾ ਸਦੁਪਯੋਗ ਕਰਨ ਸਬੰਧੀ ਮਹੱਤਵਪੂਰਨ ਸੁਝਾਅ ਵੀ ਸਾਂਝੇ ਕੀਤੇ ਗਏ। ਪੀ.ਟੀ.ਐਮ ਰਾਹੀਂ ਮਾਪਿਆਂ ਨੂੰ ਬੱਚਿਆਂ ਦੀ ਪੜ੍ਹਾਈ ਦੇ ਪੱਧਰ, ਉਨ੍ਹਾਂ ਦੀਆਂ ਕਮਜ਼ੋਰੀਆਂ ਅਤੇ ਸੁਧਾਰ ਦੀਆਂ ਸੰਭਾਵਨਾਵਾਂ ਬਾਰੇ ਜਾਣੂ ਕਰਵਾਇਆ ਗਿਆ ਤਾਂ ਜੋ ਵਿਦਿਆਰਥੀਆਂ ਨੂੰ ਹੋਰ ਬਿਹਤਰ ਸਿੱਖਿਆਕ ਮਾਰਗਦਰਸ਼ਨ ਮਿਲ ਸਕੇ। ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਅਧਿਆਪਕਾਂ ਅਤੇ ਮਾਪਿਆਂ ਦਰਮਿਆਨ ਨਿਰੰਤਰ ਸੰਵਾਦ ਅਤੇ ਤਾਲਮੇਲ ਨਾਲ ਵਿਦਿਆਰਥੀਆਂ ਦੇ ਬਿਹਤਰ ਨਤੀਜੇ ਯਕੀਨੀ ਬਣਾਏ ਜਾ ਸਕਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਮਾਸਿਕ ਪ੍ਰੀਖਿਆਵਾਂ ਅਤੇ ਅਵਧੀ—1 ਦੀਆਂ ਪ੍ਰੀਖਿਆਵਾਂ ਲਈ ਹੋਰ ਵੱਧ ਮਿਹਨਤ ਅਤੇ ਲਗਨ ਨਾਲ ਤਿਆਰੀ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨਗਰ ਕੌਂਸਲ ਚੋਣਾਂ ਦੇ ਨਤੀਜੇ ਘੋਸ਼ਿਤ

# ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਚੋਣ ਅਮਲੇ ਦੀ ਸ਼ਲਾਘਾ, ਵੋਟਰਾਂ ਦਾ ਕੀਤਾ ਧੰਨਵਾਦ




**ਫ਼ਿਰੋਜ਼ਪੁਰ, 30 ਮਈ (ਮਨੋਹਰ ਲਾਲ)**:— ਚੋਣ ਪ੍ਰਕਿਰਿਆ ਪੂਰੀ ਤਰ੍ਹਾਂ ਸ਼ਾਂਤਮਈ, ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਹੋਈ ਸੰਪੰਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫ਼ਸਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਨੇ ਕਿਹਾ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਦੀਆਂ ਨਗਰ ਕੌਂਸਲਾਂ ਦੇ ਨਤੀਜੇ ਐਲਾਨੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਅੰਦਰ ਹੋਈਆਂ ਨਗਰ ਕੌਂਸਲ ਚੋਣਾਂ ਦੇ ਨਤੀਜੇ ਘੋਸ਼ਿਤ ਕਰ ਦਿੱਤੇ ਗਏ ਹਨ ਅਤੇ ਨਗਰ ਕੌਂਸਲ ਫ਼ਿਰੋਜ਼ਪੁਰ ਦੇ ਕੁੱਲ 33 ਵਾਰਡਾਂ ਵਿੱਚੋਂ ਕਾਂਗਰਸ ਨੇ 18, ਆਮ ਆਦਮੀ ਪਾਰਟੀ ਨੇ 5, ਭਾਜਪਾ ਨੇ 7, ਬਸਪਾ ਨੇ 1 ਅਤੇ 2 ਆਜ਼ਾਦ ਉਮੀਦਵਾਰਾਂ ਨੇ ਜਿੱਤ ਦਰਜ ਕੀਤੀ ਹੈ।



ਜ਼ਿਲ੍ਹਾ ਚੋਣ ਅਫ਼ਸਰ ਨੇ ਨਗਰ ਕੌਂਸਲ ਫਿਰੋਜ਼ਪੁਰ ਦੇ ਵਾਰਡਾਂ ਦੇ ਚੋਣ ਨਤੀਜੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਰਡ ਨੰਬਰ 1 ਤੋਂ ਸੀਤਾ (ਭਾਜਪਾ) 224 ਵੋਟਾਂ ਦੇ ਫਰਕ ਨਾਲ ਜੇਤੂ ਰਹੇ, ਵਾਰਡ ਨੰਬਰ 2 ਤੋਂ ਦਵਿੰਦਰ ਸਿੰਘ (ਭਾਜਪਾ) 66 ਵੋਟਾਂ ਦੇ ਫਰਕ ਨਾਲ ਜੇਤੂ ਰਹੇ ਅਤੇ ਵਾਰਡ ਨੰਬਰ 3 ਤੋਂ ਮਨਦੀਪ ਕੌਰ (ਭਾਜਪਾ) 121 ਵੋਟਾਂ ਦੇ ਫਰਕ ਨਾਲ ਜੇਤੂ ਰਹੇ, ਵਾਰਡ ਨੰਬਰ 4 ਤੋਂ ਲਖਵਿੰਦਰ ਸਿੰਘ (ਆਪ) 295 ਵੋਟਾਂ ਦੇ ਫਰਕ ਨਾਲ ਜੇਤੂ ਰਹੇ, ਵਾਰਡ ਨੰਬਰ 5 ਤੋਂ ਸੀਮਾ ਕੌਰ (ਕਾਂਗਰਸ) 63 ਵੋਟਾਂ, ਵਾਰਡ ਨੰਬਰ 6 ਤੋਂ ਰਿਸ਼ੀ ਸ਼ਰਮਾ (ਕਾਂਗਰਸ) 38 ਵੋਟਾਂ, ਵਾਰਡ ਨੰਬਰ 7 ਤੋਂ ਆਸ਼ਾ ਕਾਲੀਆ (ਆਜ਼ਾਦ) 735 ਵੋਟਾਂ ਅਤੇ ਵਾਰਡ ਨੰਬਰ 8 ਤੋਂ ਦਿਨੇਸ਼ ਕੁਮਾਰ ਤਨੇਜਾ (ਆਜ਼ਾਦ) 621 ਵੋਟਾਂ ਦੇ ਫਰਕ ਨਾਲ ਜੇਤੂ ਰਹੇ, ਵਾਰਡ ਨੰਬਰ 9 ਤੋਂ ਈਸ਼ਾ ਸ਼ਰਮਾ (ਕਾਂਗਰਸ) 115 ਵੋਟਾਂ ਅਤੇ ਵਾਰਡ ਨੰਬਰ 10 ਤੋਂ ਜੁਗਰਾਜ ਸਿੰਘ ਸੰਧੂ (ਕਾਂਗਰਸ) 116 ਵੋਟਾਂ ਦੇ ਫਰਕ ਨਾਲ ਜੇਤੂ ਰਹੇ। ਉਨ੍ਹਾਂ ਦੱਸਿਆ ਕਿ ਵਾਰਡ ਨੰਬਰ 11 ਤੋਂ ਪਰਮਜੀਤ ਕੌਰ ਹਾਂਡਾ (ਕਾਂਗਰਸ) 1472 ਵੋਟਾਂ ਦੇ ਵਡੇ ਫਰਕ ਨਾਲ, ਵਾਰਡ ਨੰਬਰ 12 ਤੋਂ ਗਗਨਦੀਪ ਸਿੰਘ (ਕਾਂਗਰਸ) 183 ਵੋਟਾਂ ਦੇ ਫਰਕ ਨਾਲ, ਵਾਰਡ ਨੰਬਰ 13 ਤੋਂ ਰੀਤਾ (ਕਾਂਗਰਸ) 908 ਵੋਟਾਂ ਦੇ ਵੱਡੇ ਫਰਕ ਨਾਲ ਅਤੇ ਵਾਰਡ ਨੰਬਰ 14 ਤੋਂ ਮੰਨੂ (ਕਾਂਗਰਸ) 117 ਵੋਟਾਂ ਦੇ ਫਰਕ ਨਾਲ ਜੇਤੂ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

ਗੱਲਬਾਤ ਜਾਰੀ ਰੱਖਦਿਆਂ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੇ ਸਪੱਸ਼ਟ ਕੀਤਾ ਕਿ ਵਾਰਡ ਨੰਬਰ 15 ਤੋਂ ਸੁਖਵਿੰਦਰ ਕੌਰ ਕਾਂਗਰਸ ਦੇ 01 ਵੋਟ ਤੋਂ ਜੇਤੂ ਰਹੇ ਹਨ। ਉਨ੍ਹਾਂ ਕਿਹਾ ਕਿ ਵਾਰਡ ਨੰਬਰ 16 ਤੋਂ ਅਸ਼ੋਕ ਕੁਮਾਰ (ਕਾਂਗਰਸ) 565 ਵੋਟਾਂ ਦੇ ਫਰਕ ਨਾਲ, ਵਾਰਡ ਨੰਬਰ 17 ਤੋਂ ਉਸ਼ਾ ਰਾਣੀ (ਕਾਂਗਰਸ) 354 ਵੋਟਾਂ ਦੇ ਫਰਕ ਨਾਲ, ਵਾਰਡ ਨੰਬਰ 18 ਤੋਂ ਅਮਰਜੀਤ (ਕਾਂਗਰਸ) 85 ਵੋਟਾਂ ਦੇ ਫਰਕ ਨਾਲ, ਵਾਰਡ ਨੰਬਰ 19 ਤੋਂ ਰਵਨੀਤ ਕੌਰ (ਭਾਜਪਾ) 50 ਵੋਟਾਂ ਨਾਲ, ਵਾਰਡ ਨੰਬਰ 20 ਤੋਂ ਮਿਸ਼ੇਲ ਗਾਚਲੀ (ਕਾਂਗਰਸ) 277 ਵੋਟਾਂ ਨਾਲ ਅਤੇ ਵਾਰਡ ਨੰਬਰ 21 ਤੋਂ ਸੁਨੀਤਾ ਰਾਣੀ (ਬਸਪਾ) 11 ਵੋਟਾਂ ਦੇ ਫਰਕ ਨਾਲ ਜੇਤੂ ਰਹੇ। ਇਸੀ ਤਰ੍ਹਾਂ ਵਾਰਡ ਨੰਬਰ 22 ਤੋਂ ਮਨੀ (ਕਾਂਗਰਸ) 60 ਵੋਟਾਂ ਦੇ ਫਰਕ ਨਾਲ, ਵਾਰਡ ਨੰਬਰ 23 ਤੋਂ ਸਵਿਤਾ ਕਪੂਰ (ਭਾਜਪਾ) 3 ਵੋਟਾਂ ਦੇ ਨਜ਼ਦੀਕੀ ਫਰਕ ਨਾਲ ਅਤੇ ਵਾਰਡ ਨੰਬਰ 24 ਤੋਂ ਨਰੇਸ਼ ਕੁਮਾਰ (ਆਪ) 43 ਵੋਟਾਂ ਦੇ ਫਰਕ ਨਾਲ ਜੇਤੂ ਰਹੇ। ਉਨ੍ਹਾਂ ਦੱਸਿਆ ਕਿ ਵਾਰਡ ਨੰਬਰ 25 ਤੋਂ ਮੋਨਿਕਾ ਰਾਣੀ (ਭਾਜਪਾ) 30 ਵੋਟਾਂ ਨਾਲ, ਵਾਰਡ ਨੰਬਰ 26 ਤੋਂ ਦਵਿੰਦਰ ਬਜਾਜ (ਭਾਜਪਾ) 162 ਵੋਟਾਂ ਨਾਲ, ਵਾਰਡ ਨੰਬਰ 27 ਤੋਂ ਰਚਨਾ (ਕਾਂਗਰਸ) 257 ਵੋਟਾਂ ਦੇ ਫਰਕ ਨਾਲ, ਵਾਰਡ ਨੰਬਰ 28 ਤੋਂ ਮੇਜਰ ਸਿੰਘ (ਆਪ) 79 ਵੋਟਾਂ ਨਾਲ, ਵਾਰਡ ਨੰਬਰ 29 ਤੋਂ ਵਿਕੀ ਚਾਹਲ (ਆਪ) 289 ਵੋਟਾਂ ਦੇ ਫਰਕ ਨਾਲ, ਵਾਰਡ ਨੰਬਰ 30 ਤੋਂ ਮਨਪ੍ਰੀਤ ਕੌਰ (ਕਾਂਗਰਸ) 211 ਵੋਟਾਂ ਦੇ ਫਰਕ, ਵਾਰਡ ਨੰਬਰ 31 ਤੋਂ ਪ੍ਰੇਮ ਰਾਣੀ (ਕਾਂਗਰਸ) 1065 ਵੋਟਾਂ ਦੇ ਵੱਡੇ ਫਰਕ ਨਾਲ, ਵਾਰਡ ਨੰਬਰ 32 ਤੋਂ ਬੋਹੜ ਸਿੰਘ (ਕਾਂਗਰਸ) 125 ਵੋਟਾਂ ਦੇ ਫਰਕ ਨਾਲ ਅਤੇ ਵਾਰਡ ਨੰਬਰ 33 ਤੋਂ ਮਲਕੀਤ ਸਿੰਘ (ਆਪ) ਜੇਤੂ ਰਹੇ ਹਨ।

?ਇਸੇ ਤਰ੍ਹਾਂ ਨਗਰ ਕੌਂਸਲ ਤਲਵੰਡੀ ਭਾਈ ਦੇ ਵਾਰਡਾਂ ਦੇ ਚੋਣ ਨਤੀਜੇ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵਾਰਡ ਨੰਬਰ 1 ਤੋਂ ਆਮ ਆਦਮੀ ਪਾਰਟੀ ਦੀ ਅਨੂ ਬਜਾਜ 529 ਵੋਟਾਂ ਦੇ ਫਰਕ ਨਾਲ ਜੇਤੂ ਰਹੀ, ਵਾਰਡ ਨੰਬਰ 2 ਤੋਂ ਕਾਂਗਰਸ ਦੇ ਜਗਨਮਿੰਦਰ ਸਿੰਘ ਘੁੰਮਣ 24 ਵੋਟਾਂ ਨਾਲ ਜੇਤੂ ਰਹੇ ਅਤੇ ਵਾਰਡ ਨੰਬਰ 3 ਤੋਂ ਆਮ ਆਦਮੀ ਪਾਰਟੀ ਦੀ ਪਰਮਜੀਤ ਕੌਰ 146 ਵੋਟਾਂ ਨਾਲ ਜੇਤੂ ਰਹੀ। ਇਸੇ ਤਰ੍ਹਾਂ ਵਾਰਡ ਨੰਬਰ 4 ਤੋਂ ਆਮ ਆਦਮੀ ਪਾਰਟੀ ਦੇ ਕਰਣਜੋਤ ਸਿੰਘ ਗਿੱਲ 162 ਵੋਟਾਂ ਨਾਲ ਜੇਤੂ ਰਹੇ, ਵਾਰਡ ਨੰਬਰ 5 ਤੋਂ ਭਾਜਪਾ ਦੀ ਪੂਨਮ ਰਾਣੀ 10 ਵੋਟਾਂ ਨਾਲ ਜੇਤੂ ਰਹੀ ਅਤੇ ਵਾਰਡ ਨੰਬਰ 6 ਤੋਂ ਸ਼੍ਰੋਮਣੀ ਅਕਾਲੀ ਦਲ ਦੇ ਰੁਪਿੰਦਰ ਸਿੰਘ 348 ਵੋਟਾਂ ਨਾਲ ਜੇਤੂ ਰਹੇ। ?ਉਨ੍ਹਾਂ ਹੋਰ ਦੱਸਿਆ ਕਿ ਵਾਰਡ ਨੰਬਰ 7 ਤੋਂ ਕਾਂਗਰਸ ਦੀ ਮਧੂ ਵੱਟਾ 172 ਵੋਟਾਂ ਨਾਲ ਜੇਤੂ ਰਹੀ, ਵਾਰਡ ਨੰਬਰ 8 ਤੋਂ ਕਾਂਗਰਸ ਦੇ ਹਰਦੀਪ ਸਿੰਘ 224 ਵੋਟਾਂ ਨਾਲ ਜੇਤੂ ਰਹੇ, ਵਾਰਡ ਨੰਬਰ 9 ਤੋਂ ਆਜ਼ਾਦ ਉਮੀਦਵਾਰ ਕੁਲਵਿੰਦਰ ਕੌਰ 10 ਵੋਟਾਂ ਨਾਲ ਜੇਤੂ ਰਹੀ, ਵਾਰਡ ਨੰਬਰ 10 ਤੋਂ ਆਮ ਆਦਮੀ ਪਾਰਟੀ ਦੇ ਜਗਦੀਪ ਸਿੰਘ 172 ਵੋਟਾਂ ਨਾਲ ਜੇਤੂ ਰਹੇ, ਵਾਰਡ ਨੰਬਰ 11 ਤੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਬਜੀਤ ਕੌਰ 396 ਵੋਟਾਂ ਨਾਲ ਜੇਤੂ ਰਹੀ, ਵਾਰਡ ਨੰਬਰ 12 ਤੋਂ ਆਮ ਆਦਮੀ ਪਾਰਟੀ ਦੀ ਰਿਚਾ ਅਰੋੜਾ 495 ਵੋਟਾਂ ਨਾਲ ਜੇਤੂ ਰਹੀ ਅਤੇ ਵਾਰਡ ਨੰਬਰ 13 ਤੋਂ ਆਜ਼ਾਦ ਉਮੀਦਵਾਰ ਪੂਨਮ ਰਾਣੀ 141 ਵੋਟਾਂ ਨਾਲ ਜੇਤੂ ਰਹੀ।

ਹੋਰ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਜ਼ੀਰਾ ਨਗਰ ਕੌਂਸਲ ਚੋਣਾਂ ਦੇ ਨਤੀਜਿਆਂ ਵਿੱਚ ਵੱਖ—ਵੱਖ ਵਾਰਡਾਂ ਤੋਂ ਆਮ ਆਦਮੀ ਪਾਰਟੀ, ਕਾਂਗਰਸ ਅਤੇ ਆਜ਼ਾਦ ਉਮੀਦਵਾਰਾਂ ਨੇ ਜਿੱਤ ਦਰਜ ਕੀਤੀ। ਵਾਰਡ ਨੰਬਰ 1 ਤੋਂ ਬਲਵਿੰਦਰ ਕੌਰ (ਆਪ) ਨੇ 68 ਵੋਟਾਂ ਦੇ ਫਰਕ ਨਾਲ, ਵਾਰਡ 2 ਤੋਂ ਹਰਜੀਤ ਕੌਰ (ਆਪ) ਨੇ 79 ਵੋਟਾਂ ਦੇ ਫਰਕ ਨਾਲ, ਵਾਰਡ 3 ਤੋਂ ਸ਼ਿੰਦਰ ਕੌਰ (ਆਪ) ਨੇ 254 ਵੋਟਾਂ ਦੇ ਫਰਕ ਨਾਲ, ਵਾਰਡ 4 ਤੋਂ ਰਾਣੀ (ਆਪ) ਨੇ 61 ਵੋਟਾਂ ਦੇ ਫਰਕ ਨਾਲ, ਵਾਰਡ 5 ਤੋਂ ਕੁਲਦੀਪ ਕੌਰ (ਆਪ) ਨੇ 77 ਵੋਟਾਂ ਦੇ ਫਰਕ ਨਾਲ ਜਿੱਤ ਦਰਜ ਕੀਤੀ। ਉਨ੍ਹਾਂ ਦੱਸਿਆ ਕਿ ਵਾਰਡ 6 ਤੋਂ ਪ੍ਰੀਤਪਾਲ ਸਿੰਘ ਸੰਧੂ (ਕਾਂਗਰਸ) ਨੇ 255 ਵੋਟਾਂ ਦੇ ਫਰਕ ਨਾਲ, ਵਾਰਡ 7 ਤੋਂ ਮਨਪ੍ਰੀਤ ਕੌਰ (ਕਾਂਗਰਸ) ਨੇ 213 ਵੋਟਾਂ ਦੇ ਫਰਕ ਨਾਲ, ਵਾਰਡ 8 ਤੋਂ ਧਰਮ ਪਾਲ ਚੁੱਘ (ਆਪ) ਨੇ 707 ਵੋਟਾਂ ਦੇ ਵੱਡੇ ਫਰਕ ਨਾਲ ਜਿੱਤ ਹਾਸਲ ਕੀਤੀ, ਵਾਰਡ 9 ਤੋਂ ਮੀਨਾਕਸ਼ੀ (ਕਾਂਗਰਸ) ਨੇ 12 ਵੋਟਾਂ ਦੇ ਫਰਕ ਨਾਲ, ਵਾਰਡ 10 ਤੋਂ ਗੋਰਾ ਸਿੰਘ (ਕਾਂਗਰਸ) ਨੇ 10 ਵੋਟਾਂ ਦੇ ਫਰਕ ਨਾਲ, ਵਾਰਡ 11 ਤੋਂ ਹਰਪ੍ਰੀਤ ਕੌਰ (ਆਪ) ਨੇ 32 ਵੋਟਾਂ ਦੇ ਫਰਕ ਨਾਲ, ਵਾਰਡ 12 ਤੋਂ ਰਮਨ ਸ਼ਰਮਾ (ਕਾਂਗਰਸ) ਨੇ 264 ਵੋਟਾਂ ਦੇ ਫਰਕ ਨਾਲ, ਵਾਰਡ 13 ਤੋਂ ਹਰਪ੍ਰੀਤ ਕੌਰ (ਕਾਂਗਰਸ) ਨੇ 320 ਵੋਟਾਂ ਦੇ ਫਰਕ ਨਾਲ ਜਿੱਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਵਾਰਡ 14 ਤੋਂ ਰਾਜੀਵ ਕੁਮਾਰ ਸ਼ਰਮਾ ਨੇ ਆਜ਼ਾਦ ਉਮੀਦਵਾਰ ਵਜੋਂ 517 ਵੋਟਾਂ ਦੇ ਫਰਕ ਨਾਲ ਜਿੱਤ ਦਰਜ ਕੀਤੀ, ਜਦਕਿ ਵਾਰਡ 15 ਤੋਂ ਕੁਲਵਿੰਦਰ ਕੌਰ (ਆਪ) ਨੇ 85 ਵੋਟਾਂ ਦੇ ਫਰਕ ਨਾਲ, ਵਾਰਡ 16 ਤੋਂ ਗੁਰਭਗਤ ਸਿੰਘ ਗਿੱਲ (ਕਾਂਗਰਸ) ਨੇ 113 ਵੋਟਾਂ ਦੇ ਫਰਕ ਨਾਲ ਅਤੇ ਵਾਰਡ 17 ਤੋਂ ਸੁਖਦੇਵ ਸਿੰਘ (ਆਪ) ਨੇ 319 ਵੋਟਾਂ ਦੇ ਫਰਕ ਨਾਲ ਜਿੱਤ ਦਰਜ ਕੀਤੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਚੋਣ ਪ੍ਰਕਿਰਿਆ ਨੂੰ ਸਫਲਤਾਪੂਰਵਕ ਨੇਪਰੇ ਚੜ੍ਹਾਉਣ ਲਈ ਸਮੂਹ ਚੋਣ ਅਮਲੇ, ਪੁਲਿਸ ਪ੍ਰਸ਼ਾਸਨ ਅਤੇ ਹੋਰ ਸਬੰਧਤ ਅਧਿਕਾਰੀਆਂ ਕਰਮਚਾਰੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਰਾਜਨੀਤਿਕ ਪਾਰਟੀਆਂ, ਆਮ ਲੋਕਾਂ ਅਤੇ ਵੋਟਰਾਂ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਚੋਣਾਂ ਦੌਰਾਨ ਸ਼ਾਂਤੀ, ਅਨੁਸ਼ਾਸਨ ਅਤੇ ਲੋਕਤੰਤਰਿਕ ਮਰਿਆਦਾਵਾਂ ਨੂੰ ਬਣਾਈ ਰੱਖਦਿਆਂ ਵੱਧ ਚੜ੍ਹ ਕੇ ਆਪਣੇ ਮਤ ਦਾ ਪ੍ਰਯੋਗ ਕੀਤਾ ਅਤੇ ਚੋਣ ਪ੍ਰਕਿਰਿਆ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਪੂਰਨ ਸਹਿਯੋਗ ਦਿੱਤਾ।

# ਜੂਨ 84 ਦੇ ਘਲੂਘਾਰੇ ਵਿਚ ਸ਼ਹੀਦ ਹੋਏ ਸਿੰਘ ਸਿੰਘਣੀਆਂ ਦੀ ਸ਼ਹਾਦਤ ਕੌਮ ਲਈ ਸਦੀਵੀ ਚਾਨਣ: ਸ਼੍ਰੋਮਣੀ ਰਾਗੀ ਸਭਾ ਸ਼੍ਰੀ ਅੰਮ੍ਰਿਤਸਰ

## ਉਹਨਾਂ ਮਹਾਨ ਸ਼ਹੀਦਾਂ ਨੂੰ ਸਿਰ ਨਿਵਾਉਂਦੇ ਹਾਂ ਜਿਨ੍ਹਾਂ ਨੇ ਗੁਰੂ ਘਰ ਦੀ ਸ਼ਾਨ ਅਤੇ ਸਿੱਖੀ ਦੇ ਸਿਧਾਂਤਾਂ ਦੀ ਰੱਖਿਆ ਲਈ ਆਪਣਾ ਸਰਬੰਸ ਵਾਰ ਦਿੱਤਾ



ਨਵੀਂ ਦਿੱਲੀ 30 ਮਈ (ਮਨਪ੍ਰੀਤ ਸਿੰਘ ਖਾਲਸਾ):– "ਜੂਨ 1984 ਸਿੱਖ ਕੌਮ ਦੇ ਇਤਿਹਾਸ ਦਾ ਦਰਦਨਾਕ ਦੌਰ ਹੈ, ਜਿਸ ਨੇ ਹਰ ਸਿੱਖ ਦੇ ਮਨ ਉੱਤੇ ਅਮਿੱਟ ਘਾਵ ਛੱਡੇ ਹਨ। ਓਪਰੇਸ਼ਨ ਬਲੂ ਸਟਾਰ ਦੌਰਾਨ ਸਰਕਾਰ ਵੱਲੋਂ ਸ਼੍ਰੀ ਹਰਿਮੰਦਰ ਸਾਹਿਬ, ਸ਼੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਅਨੇਕਾਂ ਗੁਰੁਘਰਾਂ ਉੱਤੇ ਕੀਤਾ ਗਿਆ ਹਮਲਾ ਸਿਰਫ਼ ਇੱਕ ਫੌਜੀ ਕਾਰਵਾਈ ਨਹੀਂ ਸੀ, ਇਹ ਸਿੱਖ ਕੌਮ ਦੀ ਆਤਮਿਕਤਾ, ਅਸਮੀਤਾ ਅਤੇ ਅਜ਼ਾਦ ਸੋਚ ਨੂੰ ਕੁਚਲਣ ਦੀ ਕੋਸ਼ਿਸ਼ ਸੀ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਰਾਗੀ ਸਭਾ ਸ਼੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਉਂਕਾਰ ਸਿੰਘ ਦੇ ਨਾਲ ਭਾਈ ਸ਼ੁਭਦੀਪ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਕਾਰਜ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ ਅਨੰਦਪੁਰੀ, ਭਾਈ ਪਲਵਿੰਦਰ ਸਿੰਘ, ਭਾਈ ਸਤਿੰਦਰਬੀਰ ਸਿੰਘ, ਭਾਈ ਨਵਨੀਤ ਸਿੰਘ, ਭਾਈ ਕੰਵਲਦੀਪ ਸਿੰਘ, ਭਾਈ ਬਿਕਰਮਜੀਤ ਸਿੰਘ, ਭਾਈ ਕਰਨੈਲ ਸਿੰਘ, ਭਾਈ ਸਿਮਰਨਜੀਤ ਸਿੰਘ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ ਸੱਚਾਈ ਨੂੰ ਗੋਲੀਆਂ ਨਾਲ ਦਬਾਇਆ ਜਾ ਸਕਦਾ ਹੈ, ਪਰ ਮਿਟਾਇਆ ਨਹੀਂ ਜਾ ਸਕਦਾ। ਜਿਨ੍ਹਾਂ ਨੇ ਸੋਚਿਆ ਸੀ ਕਿ ਟੈਂਕਾਂ ਅਤੇ ਬਾਰੂਦ ਨਾਲ ਖਾਲਸੇ ਦੀ ਆਵਾਜ਼ ਖਾਮੋਸ਼ ਹੋ ਜਾਵੇਗੀ, ਉਹ ਸਿੱਖ ਇਤਿਹਾਸ ਦੀ ਹਕੀਕਤ ਨੂੰ ਨਹੀਂ ਜਾਣਦੇ ਸਨ। ਖਾਲਸਾ ਨਾ ਕਦੇ ਜ਼ੁਲਮ ਅੱਗੇ ਝੁਕਿਆ ਹੈ ਤੇ ਨਾ ਹੀ ਝੁਕੇਗਾ। ਉਨ੍ਹਾਂ ਕਿਹਾ ਅਸੀਂ ਉਹਨਾਂ ਮਹਾਨ ਸ਼ਹੀਦਾਂ ਨੂੰ ਸਿਰ ਨਿਵਾਉਂਦੇ ਹਾਂ ਜਿਨ੍ਹਾਂ ਨੇ ਗੁਰੂ ਘਰ ਦੀ ਸ਼ਾਨ ਅਤੇ ਸਿੱਖੀ ਦੇ ਸਿਧਾਂਤਾਂ ਦੀ ਰੱਖਿਆ ਲਈ ਆਪਣਾ ਸਰਬੰਸ ਵਾਰ ਦਿੱਤਾ। ਉਹਨਾਂ ਦੀ ਸ਼ਹਾਦਤ ਕੌਮ ਲਈ ਸਦੀਵੀ ਚਾਨਣ ਹੈ। ਇਹ ਘਲੂਘਾਰਾ ਸਾਨੂੰ ਸਿਰਫ਼ ਦੁੱਖ ਨਹੀਂ ਦਿੰਦਾ, ਸਗੋਂ ਆਪਣੀ ਪਛਾਣ, ਆਪਣੇ ਇਤਿਹਾਸ ਅਤੇ ਆਪਣੇ ਅਧਿਕਾਰਾਂ ਲਈ ਜਾਗਰੂਕ ਰਹਿਣ ਦਾ ਸੰਦੇਸ਼ ਵੀ ਦਿੰਦਾ ਹੈ। ਉਨ੍ਹਾਂ ਕਿਹਾ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਚਾਹੀਦਾ ਹੈ ਕਿ ਉਹ ਗੁਰੂ ਸਾਹਿਬਾਨ ਦੀ ਬਾਣੀ ਅਤੇ ਸ਼ਹੀਦਾਂ ਦੇ ਇਤਿਹਾਸ ਨਾਲ ਜੁੜੇ, ਨਸ਼ਿਆਂ, ਫੁੱਟ ਅਤੇ ਮਨਮਤ ਤੋਂ ਦੂਰ ਰਹਿ ਕੇ ਕੌਮ ਦੀ ਚੜ੍ਹਦੀ ਕਲਾ ਲਈ ਕੰਮ ਕਰੇ। ਕੌਮ ਦੀ ਤਾਕਤ ਏਕਤਾ, ਨਿਮਰਤਾ ਅਤੇ ਗੁਰਮਤ ਵਿੱਚ ਹੈ। ਅਸੀਂ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਕੌਮ ਨੂੰ ਚੜ੍ਹਦੀ ਕਲਾ, ਏਕਤਾ ਅਤੇ ਸੱਚ ਦੇ ਰਾਹ 'ਤੇ ਡਟੇ ਰਹਿਣ ਦੀ ਤਾਕਤ ਬਖ਼ਸ਼ਣ। ਉਨ੍ਹਾਂ ਕਿਹਾ ਸ਼ਹੀਦਾਂ ਦੀ ਕੁਰਬਾਨੀ ਹਰ ਯੁੱਗ ਵਿੱਚ ਸਾਨੂੰ ਇਹ ਯਾਦ ਕਰਵਾਉਂਦੀ ਰਹੇਗੀ ਕਿ ਧਰਮ ਅਤੇ ਇਨਸਾਫ਼ ਲਈ ਦਿੱਤੀ ਗਈ ਸ਼ਹਾਦਤ ਕਦੇ ਵਿਅਰਥ ਨਹੀਂ ਜਾਂਦੀ। "ਰਾਜ ਕਰੇਗਾ ਖਾਲਸਾ, ਆਕੀ ਰਹੇ ਨ ਕੋਇ।"

# ਇਨ੍ਹਾਂ ਵੋਟਾਂ ਵਿਚ ਜਾਗਰੂਕਤਾ ਨੇ ਕਰ ਵਖਾਈ ਕਮਾਲ, ਨਾ ਕੋਈ ਲਾਲ ਭਾਈ ਭਤੀਜਾ ਨਾ ਖੁੱਲ ਕੇ ਮੰਗਿਆ ਮਾਲ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 30 ਮਈ (ਮਨੋਹਰ ਲਾਲ) :— ਨਗਰ ਕੌਂਸਲ ਚੋਣਾਂ ਤੇ ਆਪਣਾ ਪ੍ਰਤੀਕਰਮ ਜਾਹਿਰ ਕਰਦਿਆਂ ਸਾਬਕਾ ਕੌਂਸਲਰ ਪੀ.ਸੀ ਕੁਮਾਰ ਨੇ ਕਿਹਾ ਕਿ ਲੰਬੇ ਅਰਸੇ ਤੋਂ ਬੱਚਿਆਂ, ਅਧਿਆਪਕਾਂ, ਮਾਪਿਆਂ ਨਾਲ ਸੁਭਾ ਦੀਆਂ ਸਰਕਾਰੀ, ਅਰਧ ਸਰਕਾਰੀ ਪ੍ਰਾਈਵੇਟ ਅਦਾਰਿਆਂ ਵਿਚ ਹਰ ਉਸ ਮੁਸ਼ਿਕਲ ਜ਼ੋ ਇਸ ਵੋਟਾਂ ਦੇ ਦਰਾਜ ਵਿਚ ਦਿਨੋ ਦਿਨ ਅਲੋਪ ਹੋ ਕੇ ਰਹਿ ਗਈ ਸੀ, ਉਹ ਸੀ ਜਾਗਰੂਕਤਾ ਜਿਸ ਸਦਕਾ ਹਰ ਪਾਸੇ ਅਫੜਾ ਤਫੜੀ ਕਾਨੂੰਨਾਂ ਦੀਆਂ ਧੰਜੀਆਂ ਉਡਾਉਣ ਇਕੋ—ਇਕ ਰਾਜਨੀਤਕ ਨੇਤਾਵਾਂ ਦੁਆਰਾ ਹਰ ਪਾਸੇ ਧਾਂਦਲੀਆਂ ਖਰੀਦਾ ਫਰੋਕਤ ਜਾਤੀਵਾਦ ਇਲਾਕਾਈ ਭਸ਼ਾਈ ਰੋਲ ਸਦਕਾ ਹਮੇਸ਼ਾ ਜਰ ਜ਼ੋਰੂ ਨਾਲ ਇਹ ਰਾਜ ਕੁਝ ਇਕ ਲੋਕਾਂ ਪਾਰਟੀਆਂ ਦੀਆਂ ਮਨੋਪਲੀ ਬਲਾ ਬਨ ਹਰ ਵੋਟਰ ਨੂੰ ਗੁੰਮਰਾਹ ਲਾਲਚ ਹੇਰਾਫੇਰੀ ਨਾਲ ਪਹਿਲਾਂ ਪੰਜਾਹ ਸਾਲ ਕਾਂਗਰਸ ਤੇ ਨਾਲ ਹੀ ਐਮਰਜੈਂਸੀ ਆਲਾ ਜਰ ਜ਼ੋਰੂ ਤੇ ਹਕੂਮਤ ਦੇ ਬਲ ਰਾਜ ਤੇ ਫਿਰ ਅਜਿਹੇ ਕਾਨੂੰਨ ਜ਼ੋ ਡੈਮੋਕਰੰਸੀ ਵਿਚ ਕਤਲ ਬਰਾਬਰ ਅੱਜ ਜ਼ੋ ਫਰੀ ਫਰੀ, ਧਰਮ ਜਾਤ ਪਾਤ ਇਲਾਕਾਈ ਭਾਸ਼ਾਈ ਵੋਟਾਂ ਨੋਟਾਂ ਦਾ ਬੋਲਬਾਲੇ ਤੋਂ ਉਪਰ ਉਠ ਇਸ ਮੌਕੇ ਪੰਚਾਇਤੀ ਨਗਰ ਕੌਂਸਲਾਂ, ਕਾਰਪੋਰੇਸ਼ਨ ਆਦਿ ਵਿਚ ਵੋਟਰ ਨੇ ਆਤਮਾ ਦੀ ਆਵਾਜ ਨੂੰ ਬੋਲੰਕਰਜ ਇਕੋ ਇਕ ਕੰਮ ਚਮ ਨਹੀਂ ਨੂੰ ਧਿਆਨ ਵਿਚ ਰੱਖ ਵੋਟ ਪਾਈ, ਜਿਸ ਸਦਕਾ ਹੈਗੋਲਕੰਨ ਫੈਸਲੇ ਆਪ ਹੀ ਨਹੀਂ ਬਲਕਿ ਸਮੁੱਚੇ ਸਮਾਜ ਨੂੰ ਸੇਧ ਦੇ ਕੇ ਜ਼ੋ ਆਤਮਾ ਦੀ ਆਵਾਜ ਬਲੰਕ ਕੀਤੀ ਡੈਮੋਕਰੇਸੀ ਦੀ ਕਾਮਯਾਬੀ ਹੈ।